ਅੱਜ ਦਾ ਸ਼ੁਭ ਵਿਚਾਰ



ਆਪਣਿਆਂ ਦੀਆਂ ਖੁਸ਼ੀਆਂ ਲਈ ਖ਼ੁੱਦ ਅੰਦਰਲਾ ਦਰਦ ਛੁੱਪਾ ਕੇ ਕੋਲੋ ਲੰਘ ਜਾਣਾ ਵਡੱਪਣ ਹੀ ਤਾਂ ਹੁੰਦੈ॥

ਅਮਨਦੀਪ ਮਹਿਰਾ

ਰੋਜ਼ਾਨਾ ਲੋਕ ਬਾਣੀ

www.lokbani.com

ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸੋਮਵਾਰ, 10 ਫਰਵਰੀ 2025

Email:- lokbani08@gmail.com








R. N. I. Punpun/29016/2008 ✶ ਸਾਲ 16 , ✶ ਅੰਕ : 237, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111








## ਮੋਦੀ ਅਗਲੇ ਹਫ਼ਤੇ ਕਰਨਗੇ ਅਮਰੀਕੀ ਸਦਰ ਟਰੰਪ ਨਾਲ ਮੁਲਾਕਾਤ



ਨਵੀਂ ਦਿੱਲੀ, ਲੋਕ ਬਾਣੀ- ਪ੍ਰਧਾਨ ਮੰਤਰੀ ਨਰਿੰਦਰ ਮੋਦੀ 12 ਫਰਵਰੀ ਤੋਂ ਦੋ-ਰੋਜ਼ਾ ਸਰਕਾਰੀ ਦੌਰੇ ਉਤੇ ਅਮਰੀਕਾ ਜਾਣਗੇ। ਇਸ ਦੌਰਾਨ ਉਹ ਅਮਰੀਕਾ ਦੇ ਸਦਰ ਡੋਨਲਡ ਟਰੰਪ ਨਾਲ ਮੁਲਾਕਾਤ ਕਰਨਗੇ।ਇਹ ਜਾਣਕਾਰੀ ਸ਼ੁੱਕਰਵਾਰ ਨੂੰ ਵਿਦੇਸ਼ ਮੰਤਰਾਲੇ ਨੇ ਦਿੱਤੀ। ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਕਿ ਮੋਦੀ ਦੀ ਫੇਰੀ ਭਾਰਤ ਤੇ ਅਮਰੀਕਾ ਦੇ ਦੁਵੱਲੇ ਰਿਸ਼ਤਿਆਂ ਨੂੰ ਹੋਰ ਮਜ਼ਬੂਤ ਕਰੇਗੀ ਅਤੇ ਇਨ੍ਹਾਂ ਨੂੰ ਨਵੀਂ ਦਿਸ਼ਾ ਦੇਵੇਗੀ। ਅਮਰੀਕਾ ਜਾਣ ਤੋਂ ਪਹਿਲਾਂ ਮੋਦੀ 10 ਤੋਂ 12 ਫਰਵਰੀ ਤੱਕ ਫਰਾਂਸ ਦੌਰੇ 'ਤੇ ਹੋਣਗੇ,

## ਆਰਬੀਆਈ ਨੇ ਪੰਜ ਸਾਲ ਬਾਅਦ ਵਿਆਜ ਦਰਾਂ ਘਟਾਈਆਂ



ਮੁੰਬਈ, ਲੋਕ ਬਾਣੀ- ਭਾਰਤੀ ਰਿਜ਼ਰਵ ਬੈਂਕ (ਆਰਬੀਆਈ) ਨੇ ਸੁਸਤ ਪੈ ਰਹੇ ਅਰਥਚਾਰੇ ਨੂੰ ਹੱਲਾਸ਼ੇਰੀ ਦੇਣ ਦੇ ਮਕਸਦ ਨਾਲ ਕਰੀਬ ਪੰਜ ਸਾਲ ਮਗਰੋਂ ਅੱਜ ਰੈਪੋ ਦਰ 'ਚ 25 ਆਧਾਰੀ ਅੰਕਾਂ ਦੀ ਕਟੌਤੀ ਕੀਤੀ ਹੈ ਜਿਸ ਨਾਲ ਘਰ, ਵਾਹਨ ਅਤੇ ਹੋਰ ਕਰਜ਼ਿਆਂ 'ਤੇ ਮਾਸਿਕ ਕਿਸ਼ਤ (ਈਐੱਮਆਈ) 'ਚ ਕਮੀ ਆਉਣ ਦੀ ਸੰਭਾਵਨਾ ਹੈ। ਆਰਬੀਆਈ ਦੇ ਨਵੇਂ ਗਵਰਨਰ ਸੰਜੇ ਮਲਹੋਤਰਾ ਦੀ ਅਗਵਾਈ ਹੇਠ ਵਿਆਜ ਦਰਾਂ 'ਚ ਇਹ ਪਹਿਲੀ ਕਟੌਤੀ ਹੋਈ ਹੈ। ਮੁਦਰਾ ਨੀਤੀ ਕਮੇਟੀ (ਐੱਮਪੀਸੀ) ਵੱਲੋਂ ਸਰਬਸੰਮਤੀ ਨਾਲ ਲਏ ਫ਼ੈਸਲੇ ਮਗਰੋਂ ਰੈਪੋ ਦਰ 6.50 ਤੋਂ ਘੱਟ ਕੇ 6.25 ਫ਼ੀਸਦ ਹੋ ਗਈ ਹੈ।

## ਅਮਰੀਕਾ ਵੱਲੋਂ 487 ਹੋਰ ਭਾਰਤੀਆਂ ਦੀ ਸੂਚੀ ਤਿਆਰ



ਨਵੀਂ ਦਿੱਲੀ, ਲੋਕ ਬਾਣੀ- -ਭਾਰਤ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਉਸ ਨੇ ਹੱਥਕੜੀ ਲਗਾ ਕੇ ਗ਼ੈਰ-ਕਾਨੂੰਨੀ ਵਿਅਕਤੀਆਂ ਨੂੰ ਵਾਪਸ ਭੇਜੇ ਜਾਣ ਦੇ ਮੁੱਦੇ 'ਤੇ ਅਮਰੀਕਾ ਕੋਲ ਚਿੰਤਾ ਪ੍ਰਗਟਾਈ ਹੈ। ਉਨ੍ਹਾਂ ਇਹ ਵੀ ਕਿ ਅਜਿਹੇ ਮਾੜੇ ਸਲੂਕ ਤੋਂ ਬਚਿਆ ਜਾ ਸਕਦਾ ਸੀ। ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਕਿਹਾ ਕਿ ਅਮਰੀਕੀ ਅਧਿਕਾਰੀਆਂ ਵੱਲੋਂ 487 ਭਾਰਤੀ ਨਾਗਰਿਕਾਂ ਨੂੰ ਮੁਲਕ 'ਚੋਂ ਕੱਢੇ ਜਾਣ ਸਬੰਧੀ ਸੂਚੀ ਤਿਆਰ ਕਰ ਲਈ ਹੈ ਜਿਨ੍ਹਾਂ ਵਿਚੋਂ 298 ਵਿਅਕਤੀਆਂ ਦਾ ਬਿਉਰਾ ਭਾਰਤ ਨਾਲ ਸਾਂਝਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅਮਰੀਕੀ ਅਧਿਕਾਰੀਆਂ ਵੱਲੋਂ ਸਾਂਝੀ ਕੀਤੀ ਗਈ ਜਾਣਕਾਰੀ ਦੀ ਤਸਦੀਕ ਕੀਤੀ ਜਾ ਰਹੀ ਹੈ।

## ਟਰੈਕਟਰ ਤੇ ਕਾਰ ਦੀ ਸਿੱਧੀ ਟੱਕਰ ਕਾਰਨ ਬੱਸ ਕੰਡਕਟਰ ਹਲਾਕ



ਝੁਨੀਰ, ਲੋਕ ਬਾਣੀ-ਭੰਮੇ ਕਲਾਂ ਮਾਨਸਾ ਹਾਈਵੇ 'ਤੇ ਟਰੈਕਟਰ ਤੇ ਕਾਰ 'ਚ ਸਿੱਧੀ ਟੱਕਰ ਹੋ ਜਾਣ ਕਾਰਨ ਕਾਰ ਚਾਲਕ ਦੀ ਮੌਤ ਹੋ ਗਈ। ਉਸ ਦੀ ਪਛਾਣ ਗੁਰਜੀਤ ਸਿੰਘ ਪੁੱਤਰ ਬਾਬੂ ਸਿੰਘ, ਪਿੰਡ ਚਹਿਲਾਂ ਵਾਲੀ ਖਿਆਲੀ ਵਜੋਂ ਹੋਈ ਹੈ।ਗੁਰਜੀਤ ਸਿੰਘ ਆਪਣੇ ਪਿੱਛੇ ਪਤਨੀ ਬਲਜੀਤ ਕੌਰ ਅਤੇ ਪੁੱਤਰ ਫਹਿਤਵੀਰ ਸਿੰਘ (ਡੇਢ ਸਾਲ) ਨੂੰ ਛੱਡ ਗਿਆ ਹੈ। ਉਹ ਕਿੱਤੇ ਵਜੋਂ ਬੱਸ ਕੰਡਕਟਰ ਸੀ ਅਤੇ ਸ਼ਾਮ ਨੂੰ ਮਾਨਸਾ ਵੱਲ ਜਾ ਰਿਹਾ ਸੀ, ਕਿ ਇਹ ਹਾਦਸਾ ਵਾਪਰ ਗਿਆ ਮਿਲੀ ਜਾਣਕਾਰੀ ਮੁਤਾਬਕ ਜਦੋਂ ਉਸ ਦੀ ਗੱਡੀ ਭੰਮੇ ਕਲਾਂ ਕੋਲ ਪਹੁੰਚੀ ਤਾਂ ਉਸ ਦੀ ਮਾਨਸਾ ਵੱਲੋਂ ਆ ਰਹੇ ਅਰਜਨ ਮਹਿੰਦਰਾਂ ਟਰੈਕਟਰ ਨਾਲ ਟੱਕਰ ਹੋ ਗਈ। ਟੱਕਰ ਇੰਨੀ ਭਿਆਨਕ ਸੀ

## ਅੰਤਰਰਾਜੀ ਨਸ਼ਾ ਤਸਕਰੀ ਗਰੋਹ ਦੇ 6 ਮੈਂਬਰ Baleno ਕਾਰ ਤੇ ਹੋਰ ਵਾਹਨਾਂ ਸਣੇ ਕਾਬੂ



ਫ਼ਤਹਿਗੜ੍ਹ ਸਾਹਿਬ ਲੋਕ ਬਾਣੀ- ਫ਼ਤਹਿਗੜ੍ਹ ਸਾਹਿਬ ਜ਼ਿਲ੍ਹਾ ਪੁਲੀਸ ਨੇ ਪੰਜਾਬ, ਹਰਿਆਣਾ ਅਤੇ ਉੱਤਰ ਪ੍ਰਦੇਸ਼ ਨਾਲ ਸਬੰਧਤ 6 ਨਸ਼ਾ ਤਸਕਰਾਂ ਨੂੰ ਕਾਬੂ ਕਰ ਕੇ ਉਨ੍ਹਾਂ ਪਾਸੋਂ 2,56,846 ਨਸ਼ੀਲੀਆਂ ਗੋਲੀਆਂ-ਕੈਪਸੂਲ, 21,364 ਨਸ਼ੀਲੇ ਟੀਕੇ ਅਤੇ 738 ਸ਼ੀਸ਼ੀਆਂ- ਵਾਇਲਜ਼ ਬਰਾਮਦ ਕੀਤੀਆਂ ਹਨ। ਉਨ੍ਹਾਂ ਪਾਸੋ 1 ਮੋਟਰਸਾਈਕਲ, 1 ਸਕੂਟਰੀ ਅਤੇ 1 ਬਲੈਨੋ ਕਾਰ ਵੀ ਬਰਾਮਦ ਹੋਈ। ਜ਼ਿਲ੍ਹਾ ਪੁਲੀਸ ਮੁਖੀ ਡਾ. ਰਵਜੋਤ ਗਰੇਵਾਲ ਨੇ ਅੱਜ ਇਥੇ ਦਸਿਆ ਕਿ ਪੁਲੀਸ ਨੇ ਇਸ ਸਬੰਧੀ ਥਾਣਾ ਬਡਾਲੀ ਆਲਾ ਸਿੰਘ ਵਿਚ ਮੁਕੱਦਮਾ ਦਰਜ ਕੀਤਾ ਹੈ,

## 10 ਕਿੱਲੋ ਹੈਰੋਇਨ ਸਣੇ ਤਸਕਰ ਗ੍ਰਿਫ਼ਤਾਰ



ਜਲੰਧਰ ਲੋਕ ਬਾਣੀ-- ਐੱਸਟੀਐੱਫ ਜਲੰਧਰ ਰੇਂਜ ਨੇ ਨਸ਼ਾ ਤਸਕਰੀ ਦੇ ਵੱਡੇ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ ਪਾਕਿਸਤਾਨ ਤੋਂ ਡਰੋਨ ਰਾਹੀਂ ਮੰਗਵਾਈ ਗਈ 10 ਕਿੱਲੋ 163 ਗ੍ਰਾਮ ਹੈਰੋਇਨ ਦੀ ਖੇਪ ਸਣੇ ਤਸਕਰ ਨੂੰ ਕਾਬੂ ਕੀਤਾ ਹੈ। ਇਸ ਮਾਮਲੇ ਵਿਚ ਮੁਲਜ਼ਮ ਦੇ ਜੇਲ੍ਹ 'ਚ ਬੰਦ ਭੂਆ ਦੇ ਪੁੱਤਰ ਨੂੰ ਵੀ ਨਾਮਜ਼ਦ ਕੀਤਾ ਗਿਆ ਹੈ।

## 'ਆਪ' ਵਿਧਾਇਕਾਂ ਦੀ ਖ਼ਰੀਦੋ-ਫ਼ਰੋਖਤ ਦੇ ਮਾਮਲੇ ਵਿੱਚ ਏਸੀਬੀ ਦੀ ਕੇਜਰੀਵਾਲ ਦੇ ਘਰ ਦਸਤਕ



ਨਵੀਂ ਦਿੱਲੀ ਲੋਕ ਬਾਣੀ - ਦਿੱਲੀ ਦੇ ਉਪ ਰਾਜਪਾਲ ਵੀਕੇ ਸਕਸੈਨਾ ਨੇ ਅੱਜ ਆਮ ਆਦਮੀ ਪਾਰਟੀ ਦੇ ਆਗੂਆਂ ਦੇ ਉਨ੍ਹਾਂ ਦੋਸ਼ਾਂ ਦੀ ਭ੍ਰਿਸ਼ਟਾਚਾਰ ਵਿਰੋਧੀ ਸ਼ਾਖਾ (ਏਸੀਬੀ) ਤੋਂ ਜਾਂਚ ਕਰਵਾਉਣ ਦੇ ਹੁਕਮ ਦਿੱਤੇ, ਜਿਨ੍ਹਾਂ ਤਹਿਤ ਭਾਰਤੀ ਜਨਤਾ ਪਾਰਟੀ 'ਤੇ 'ਆਪ' ਉਮੀਦਵਾਰਾਂ ਨੂੰ ਲਾਲਚ ਦੇ ਕੇ ਆਪਣੀ ਪਾਰਟੀ ਵਿੱਚ ਸ਼ਾਮਲ ਕਰਨ ਦਾ ਦੋਸ਼ ਲਗਾਇਆ ਸੀ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ।

ਇਸੇ ਦੌਰਾਨ, ਏਸੀਬੀ ਦੀ ਟੀਮ ਆਪਣੀ ਜਾਂਚ ਦੇ ਸਿਲਸਿਲੇ ਵਿੱਚ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਰਿਹਾਇਸ਼ ਵਿਖੇ ਪੁੱਜੀ। ਜਾਂਚ ਦਾ ਇਹ ਹੁਕਮ ਦਿੱਲੀ ਵਿਧਾਨ ਸਭਾ ਚੋਣਾਂ ਲਈ ਵੋਟਿੰਗ ਤੋਂ ਇਕ ਦਿਨ ਪਹਿਲਾਂ ਦਿੱਤਾ ਗਿਆ ਹੈ।

## ਪੰਜਾਬ ਸੁਬਾਰਡੀਨੇਟ ਸਰਵਿਸ ਫੈੱਡਰੇਸ਼ਨ ਵੱਲੋਂ ਦੋ ਰੋਜ਼ਾ ਧਰਨਾ ਸ਼ੁਰੂ



ਸੰਗਰੂਰ, ਲੋਕ ਬਾਣੀ- ਕੁੱਲ ਹਿੰਦ ਰਾਜ ਸਰਕਾਰੀ ਮੁਲਾਜ਼ਮ ਫੈਡਰੇਸ਼ਨ ਦੇ ਸੱਦੇ ਤੇ ਜ਼ਿਲ੍ਹੇ ਭਰ ਦੇ ਮੁਲਾਜ਼ਮਾਂ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅੱਗੇ ਦੋ ਦਿਨਾਂ ਧਰਨਿਆਂ ਦੀ ਸ਼ੁਰੂਆਤ ਕੀਤੀ। ਇਹ ਰੋਸ ਧਰਨਾ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਆਗੂ ਹਰਪਾਲ ਸਿੰਘ ਸੁਨਾਮ, ਜ਼ਿਲਾ ਆਗੂ ਮਾਲਵਿੰਦਰ ਸਿੰਘ ਸੰਧੂ, ਗੌਰਮਿੰਟ ਟੀਚਰਜ਼ ਯੂਨੀਅਨ ਦੇ ਫਕੀਰ ਸਿੰਘ ਟਿੱਬਾ, ਆਸ਼ਾ ਵਰਕਰ ਯੂਨੀਅਨ ਦੇ ਸੂਬਾ ਪ੍ਰਧਾਨ ਰਾਣੋ ਖੇੜੀ ਗਿੱਲਾਂ ਅਤੇ ਜੰਗਲਾਤ ਵਰਕਰਜ਼ ਯੂਨੀਅਨ ਦੇ ਆਗੂ ਜਸਵਿੰਦਰ ਸਿੰਘ ਗਾਗਾ ਅਤੇ ਸਤਨਾਮ ਸਿੰਘ ਸੰਗਤੀਵਾਲਾ ਦੀ ਅਗਵਾਈ ਵਿੱਚ ਸ਼ੁਰੂ ਕੀਤਾ ਗਿਆ। ਇਸ ਧਰਨੇ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਆਗੂਆਂ ਨੇ ਕੇਂਦਰ ਅਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਕੇਂਦਰ ਦੀ ਸਰਕਾਰ ਪੀਐਫਆਰਡੀਏ ਐਕਟ ਨੂੰ ਰੱਦ ਕਰਕੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, ਕੱਚੇ ਮੁਲਾਜ਼ਮਾਂ ਪੱਕੇ ਕੀਤੇ ਜਾਣ, ਜਨਤਕ ਅਦਾਰਿਆਂ ਦਾ ਨਿਜੀਕਰਨ ਬੰਦ ਕੀਤਾ





ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

# ਵਿਧਾਇਕ ਵੱਲੋਂ ਮੋਹਾਲੀ ਸ਼ਹਿਰ ਦੀਆਂ ਵਿਕਾਸ ਯੋਜਨਾਵਾਂ ਦੀ ਸਮੀਖਿਆ ਅਤੇ ਲੋਕਾਂ ਨੂੰ ਦਰਪੇਸ਼ ਮੁਸ਼ਕਿਲਾਂ ਦੇ ਹੱਲ ਲਈ ਗਮਾਡਾ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ

ਮੋਹਾਲੀ , (ਲੋਕ ਬਾਣੀ)-

ਮੋਹਾਲੀ ਦੇ ਵਿਧਾਇਕ ਕੁਲਵੰਤ ਸਿੰਘ ਵੱਲੋਂ ਮੋਹਾਲੀ ਦੇ ਵਿਕਾਸ ਕਾਰਜਾਂ ਦੀ ਸਮੀਖਿਆ ਅਤੇ ਲੋਕਾਂ ਨੂੰ ਦਰਪੇਸ਼ ਮੁਸ਼ਕਿਲਾਂ ਦੇ ਹੱਲ ਲਈ ਲਗਾਤਾਰ ਕੀਤੇ ਜਾ ਰਹੇ ਯਤਨਾਂ ਦੀ ਲੜੀ ਵਿੱਚ ਕਲ੍ਹ, ਗ੍ਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ ਦੇ ਮੁੱਖ ਪ੍ਰਸ਼ਾਸਕ ਮੋਨੀਸ਼ ਕੁਮਾਰ ਅਤੇ ਵੱਖ ਵੱਖ ਵਿੰਗਾਂ ਦੇ ਇੰਚਾਰਜ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ।




ਵਿਧਾਇਕ ਕੁਲਵੰਤ ਸਿੰਘ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੀਟਿੰਗ ਵਿੱਚ ਸ਼ਹਿਰ ਵਿੱਚ ਡੂਅਲ ਕੈਰਿਜਵੇਅ ਕੀਤੀਆਂ ਜਾਣ ਵਾਲੀਆਂ ਚਾਰ ਮੁੱਖ ਸੜਕਾਂ; ਫ਼ੇਜ਼ 7 ਤੋਂ ਫ਼ੇਜ਼ 11, ਪਿੰਡ ਮੋਹਾਲੀ ਤੋਂ ਐਸ.ਐਸ.ਪੀ. ਰਿਹਾਇਸ਼ ਤੱਕ, ਕੁੰਬੜਾ ਚੌਂਕ ਤੋਂ ਬਾਵਾ ਵ੍ਹਾਈਟ ਹਾਊਸ ਚੌਂਕ ਤੱਕ ਅਤੇ ਫਰੈਂਕੋ ਹੋਟਲ ਤੋਂ ਲਾਂਡਰਾਂ ਤੱਕ ਸੜਕ ਦੇ ਕੰਮਾਂ ਦਾ ਜਾਇਜ਼ਾ ਲਿਆ ਗਿਆ। ਇਸ ਤੋਂ ਇਲਾਵਾ ਸ਼ਹਿਰ ਦੇ ਪ੍ਰਮੁੱਖ ਪ੍ਰਾਈਵੇਟ ਹਸਪਤਾਲਾਂ ਵੱਲੋਂ ਆਪਣੇ ਹਸਪਤਾਲਾਂ ਦੀ ਇਮਾਰਤ ਦੀ ਬੇਸਮੈਂਟ ਪਾਰਕਿੰਗ ਲਈ ਨਾ ਵਰਤੇ ਜਾਣ ਕਾਰਨ, ਸਬੰਧਤ ਹਸਪਤਾਲਾਂ ਦੇ ਬਾਹਰ, ਸੜਕਾਂ ਦੇ ਕਿਨਾਰੇ ਪਾਰਕ ਕੀਤੀਆਂ ਜਾਂਦੀਆਂ ਗੱਡੀਆਂ ਕਾਰਨ ਪੈਦਾ ਹੋ ਰਹੀ ਟ੍ਰੈਫਿਕ ਦੀ ਸਮੱਸਿਆ ਦਾ ਹੱਲ ਕਰਨ ਲਈ ਸਬੰਧਤ ਹਸਪਤਾਲਾਂ ਵਿਰੁੱਧ ਨਿਯਮਾਂ ਅਨੁਸਾਰ ਕਾਰਵਾਈ ਕਰਕੇ ਬੇਸਮੈਂਟਸ ਨੂੰ ਪਾਰਕਿੰਗ ਲਈ ਵਰਤੇ ਜਾਣ ਨੂੰ ਯਕੀਨੀ ਬਣਾਉਣ ਬਾਰੇ ਵੀ ਵਿਸਤਾਰਪੂਰਵਕ ਚਰਚਾ ਕੀਤੀ ਗਈ।

ਸ਼ਹਿਰ ਦੀ ਮੁੱਖ ਪੀ.ਆਰ -7 ਸੜਕ ਦੇ ਸੁੰਦਰੀਕਰਨ, ਪੀ.ਆਰ. 7 ਸੜਕ ਦਾ ਜੋ ਹਿੱਸਾ ਆਈ.ਆਈ.ਐਸ.ਈ.ਆਰ. ਚੌਂਕ ਤੋਂ ਰੇਲਵੇ ਕਰਾਸਿੰਗ ਤੱਕ ਸੜਕ ਵਿਚਕਾਰ ਇੰਡਸਟ੍ਰੀਅਲ ਏਰੀਆ ਫੇਜ਼ 9 ਵਿੱਚ ਸਰਵਿਸ ਲੇਨ ਨੂੰ ਬਣਾਉਣਾ, ਪੀ.ਆਰ. 11 ਸੜਕ ਦਾ ਜੋ ਹਿੱਸਾ ਸੈਕਟਰ 81/84 ਵਿਚਕਾਰ ਰਹਿੰਦਾ ਹੈ, ਉਸ ਨੂੰ ਪੂਰਾ ਕਰਕੇ ਸੜਕ ਨੂੰ ਚਾਲੂ ਕਰਨ ਬਾਰੇ ਵੀ ਆਖਿਆ ਗਿਆ। ਗਮਾਡਾ ਵੱਲੋਂ ਗਰੁੱਪ ਹਾਊਸਿੰਗ ਲਈ ਅਲਾਟ ਕੀਤੀਆਂ ਥਾਵਾਂ ਦੇ ਬਾਹਰ ਬਿਲਡਰਾਂ ਵੱਲੋਂ ਫ਼ੁੱਟਪਾਥ ਦੀ ਜਗ੍ਹਾ ਨੂੰ ਪਾਰਕਿੰਗ ਲਈ ਵਰਤੇ ਜਾਣ ਕਾਰਨ ਸ਼ਹਿਰ ਵਾਸੀਆਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ, ਸ਼ਹਿਰ ਵਿੱਚ ਲੱਗ ਰਹੇ ਸੀ.ਸੀ.ਟੀ.ਵੀ. ਕੈਮਰਿਆਂ ਲਈ ਗਮਾਡਾ ਵੱਲੋਂ ਪੰਜਾਬ ਪੁਲਿਸ ਹਾਊਸਿੰਗ ਕਾਰਪੋਰੇਸ਼ਨ ਨੂੰ 50 ਕਰੋੜ ਰੁਪਏ ਜਾਰੀ ਕਰਨ, ਸ਼ਹਿਰ ਵਿੱਚ ਬਣ ਰਹੇ ਰੋਟਰੀਜ਼ (ਚੌਂਕ) ਦੇ ਕੰਮ ਦੀ ਪ੍ਰਗਤੀ, ਏਅਰੋਸਿਟੀ ਵਿੱਖੇ ਬਿਜਲੀ ਦੇ ਅੰਡਰ ਗਰਾਊਂਡ ਨੈੱਟਵਰਕ ਵਿੱਚ ਸੁਧਾਰ ਲਿਆਉਣਾ ਆਦਿ ਮੁੱਦੇ ਵੀ ਇਸ ਮੀਟਿੰਗ ਦੇ ਏਜੰਡੇ ਵਿੱਚ ਸ਼ਾਮਲ ਸਨ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਸਾਰੇ ਮੁੱਦਿਆਂ ਤੇ ਵਿਚਾਰ ਵਟਾਂਦਰਾ ਹੋਣ ਉਪਰੰਤ ਗਮਾਡਾ ਦੇ ਮੁੱਖ ਪ੍ਰਸ਼ਾਸ਼ਕ ਵੱਲੋਂ ਦੱਸਿਆ
ਗਿਆ ਕਿ ਹਸਪਤਾਲਾਂ ਅੱਗੇ ਪਾਰਕਿੰਗ ਦੀ ਆ ਰਹੀ ਸਮੱਸਿਆ ਦਾ ਹੱਲ ਕਰਨ ਲਈ, ਉਨ੍ਹਾਂ ਵੱਲੋਂ ਐਸ.ਐਸ.ਪੀ. ਐਸ.ਏ.ਐਸ. ਨਗਰ ਨਾਲ ਗੱਲਬਾਤ ਕਰਕੇ ਹਸਪਤਾਲਾਂ ਦੇ ਬਾਹਰ ਪਾਰਕ ਹੋਣ ਵਾਲੇ ਵਾਹਨਾਂ ਦੇ ਚਲਾਨ ਕਰਨ ਲਈ ਟ੍ਰੈਫ਼ਿਕ ਪੁਲਿਸ ਵੱਲੋਂ ਮੁਹਿੰਮ ਚਲਾਈ ਜਾਵੇਗੀ ਅਤੇ ਹਸਪਤਾਲਾਂ ਵਿੱਚ ਬੇਸਮੈਂਟ ਦੀ ਵਰਤੋਂ ਪਾਰਕਿੰਗ ਲਈ ਨਾ ਕਰਨ ਵਾਲੇ ਹਸਪਤਾਲਾਂ ਨੂੰ ਜਲਦ ਹੀ ਨਿੱਜੀ ਸੁਣਵਾਈ ਦਾ ਮੌਕਾ ਦੇਣ ਉਪਰੰਤ ਵੀ, ਜੇਕਰ ਉਨ੍ਹਾਂ ਵੱਲੋਂ ਬੇਸਮੈਂਟ ਨੂੰ ਪਾਰਕਿੰਗ ਲਈ ਨਹੀਂ ਵਰਤਿਆ ਜਾਂਦਾ ਤਾਂ ਉਨ੍ਹਾਂ ਦੀਆਂ ਸਾਈਟਾਂ ਕੈਂਸਲ ਕਰ ਦਿੱਤੀਆਂ ਜਾਣਗੀਆਂ। ਗਮਾਡਾ ਦੇ ਮੁੱਖ ਪ੍ਰਸ਼ਾਸਕ ਅਨੁਸਾਰ ਫ਼ੇਜ਼ 7 ਤੋਂ ਫ਼ੇਜ਼ 11 ਦੀ ਸੜਕ ਨੂੰ ਚੌੜਾ ਕਰਨ ਦਾ ਕੰਮ 30 ਅਪ੍ਰੈਲ ਤੱਕ ਪੂਰਾ ਕਰ ਲਿਆ ਜਾਵੇਗਾ ਅਤੇ ਬਾਕੀ ਦੀਆਂ 2 ਸੜਕਾਂ ਨੂੰ ਚੌੜਾ ਕਰਨ ਵਿੱਚ ਆ ਰਹੀਆਂ ਕਾਨੂੰਨੀ ਅੜਚਨਾਂ ਨੂੰ ਦੂਰ ਕਰਨ ਲਈ ਹਰ ਕੋਸ਼ਿਸ਼ ਕੀਤੀ ਜਾ ਰਹੀ ਹੈ, ਪੀ.ਆਰ. 7 ਰੋਡ ਦੇ ਸੁੰਦਰੀਕਰਨ ਲਈ 2.36 ਕਰੋੜ ਰੁਪਏ ਦੀ ਲਾਗਤ ਨਾਲ ਅਪ੍ਰੈਲ ਦੇ ਪਹਿਲੇ ਹਫ਼ਤੇ ਵਿੱਚ ਕੰਮ ਸ਼ੁਰੂ ਹੋ ਜਾਵੇਗਾ।

ਸ਼ਹਿਰ ਵਿੱਚ ਇਸ ਸਮੇਂ ਬਣ ਰਹੇ ਰੋਟਰੀਜ਼ ਨੂੰ ਜਲਦ ਤੋਂ ਜਲਦ ਪੂਰਾ ਕਰ ਲਿਆ ਜਾਵੇਗਾ ਅਤੇ ਪੀ.ਆਰ. 7 ਸੜਕ ਤੇ ਪੈਂਦੇ ਹੋਰ ਮੁੱਖ ਲਾਈਟ ਪੁਆਇੰਟਾਂ ਤੇ ਰੋਟਰੀਜ਼ ਬਣਾਉਣ ਲਈ ਕਾਰਵਾਈ ਅਰੰਭੀ ਜਾ ਚੁੱਕੀ ਹੈ, ਏਅਰੋਸਿਟੀ ਵਿੱਖੇ ਬਿਜਲੀ ਦੀ ਸਮੱਸਿਆ ਦੇ ਹੱਲ ਲਈ ਪੀ.ਐਸ.ਪੀ.ਸੀ.ਐਲ. ਵੱਲੋਂ ਕਾਰਵਾਈ ਕੀਤੀ ਜਾ ਰਹੀ ਹੈ, ਸੀ.ਸੀ.ਟੀ.ਵੀ. ਕੈਮਰਿਆਂ ਲਈ 50 ਕਰੋੜ ਰੁਪਏ ਜਲਦੀ ਹੀ ਜਾਰੀ ਕਰ ਦਿੱਤੇ ਜਾਣਗੇ, ਗਮਾਡਾ ਵੱਲੋਂ ਗਰੁੱਪ ਹਾਊਸਿੰਗ ਲਈ ਅਲਾਟ ਕੀਤੀਆਂ ਥਾਵਾਂ ਦੇ ਬਾਹਰ ਬੇਸਮੈਂਟ ਤੇ ਹੋਏ ਨਜਾਇਜ਼ ਕਬਜ਼ਿਆਂ ਨੂੰ ਦੂਰ ਕਰਨ ਲਈ ਸਬੰਧਤਾਂ ਨੂੰ ਨੋਟਿਸ ਜਾਰੀ ਕੀਤੇ ਜਾ ਚੁੱਕੇ ਹਨ ਅਤੇ ਜੇਕਰ ਸਬੰਧਤ ਬਿਲਡਰਾਂ ਵੱਲੋਂ ਨਜਾਇਜ਼ ਕਬਜ਼ੇ ਨਾ ਹਟਾਏ ਗਏ ਤਾਂ ਗਮਾਡਾ ਵੱਲੋਂ ਜਲਦ ਅਗਲੀ ਕਾਰਵਾਈ ਕਰ ਦਿੱਤੀ ਜਾਵੇਗੀ, ਪੀ.ਆਰ 7 ਸੜਕ ਤੇ ਇੰਡਸਟ੍ਰੀ ਏਰੀਆ ਫ਼ੇਜ਼ 9 ਵੱਲ ਸਰਵਿਸ ਲੇਨ ਬਣਾਉਣ ਲਈ ਜ਼ਮੀਨ ਅਕੁਆਇਰ ਕਰਨ ਲਈ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਪੀ.ਆਰ. 11 ਸੜਕ ਤੇ ਸੈਕਟਰ 81/84 ਵਾਲੇ ਹਿੱਸੇ ਨੂੰ ਜਲਦ ਹੀ ਬਣਾ ਦਿੱਤਾ ਜਾਵੇਗਾ।

ਇਸ ਮੀਟਿੰਗ ਵਿੱਚ ਗਮਾਡਾ ਦੇ ਅਸਟੇਟ ਅਫ਼ਸਰ (ਹਾਊਸਿੰਗ) ਸ਼ਿਵਰਾਜ ਸਿੰਘ ਬੱਲ, ਰਵਿੰਦਰ ਸਿੰਘ ਪੀ.ਸੀ.ਐਸ., ਅਸਟੇਟ ਅਫ਼ਸਰ (ਪਲਾਟਸ) ਅਤੇ ਗਮਾਡਾ ਦੀ ਇੰਜਨੀਅਰਿੰਗ ਅਤੇ ਟਾਊਨ ਪਲਾਨਿੰਗ ਸ਼ਾਖਾ ਦੇ ਅਧਿਕਾਰੀ ਸ਼ਾਮਲ ਸਨ।

# ਦਿੱਲੀ ਵਿੱਚ ਭਾਜਪਾ ਦੀ ਸਰਕਾਰ ਬਣਨ ਨਾਲ ਹੋਵੇਗਾ ਸਰਬਪੱਖੀ ਵਿਕਾਸ : ਅਵਿਨਾਸ਼ ਰਾਏ ਖੰਨਾ

ਹੁਸ਼ਿਆਰਪੁਰ (ਲੋਕ ਬਾਣੀ)) ਯੂਥ ਸਿਟੀਜ਼ਨ ਕੌਂਸਲ ਪੰਜਾਬ ਵਲੋਂ ਦਿੱਲੀ ਵਿੱਚ ਭਾਜਪਾ ਸਰਕਾਰ ਨੂੰ ਭਾਰੀ ਬਹੁਮਤ ਮਿਲਣ 'ਤੇ ਜ਼ਿਲ੍ਹਾ ਪ੍ਰਧਾਨ ਡਾ.ਪੰਕਜ ਸ਼ਰਮਾ ਦੀ ਪ੍ਰਧਾਨਗੀ ਹੇਠ ਇੱਕ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਭਾਜਪਾ ਦੇ ਸਾਬਕਾ ਸੰਸਦ ਮੈਂਬਰ ਅਵਿਨਾਸ਼ ਰਾਏ ਖੰਨਾ ਨੇ ਕਿਹਾ ਕਿ ਦਿੱਲੀ ਵਿੱਚ ਭਾਜਪਾ ਦੀ ਸਰਕਾਰ ਬਣਨ ਨਾਲ ਦਿੱਲੀ ਦਾ ਸਰਬਪੱਖੀ ਵਿਕਾਸ ਹੋਵੇਗਾ। ਉਨ੍ਹਾਂ ਕਿਹਾ ਕਿ ਦਿੱਲੀ ਦੇ ਲੋਕਾਂ ਨੇ ਪ੍ਰਧਾਨ ਮੰਤਰੀ ਮੋਦੀ ਦੀਆਂ ਵਿਕਾਸ ਪੱਖੀ ਨੀਤੀਆਂ ਦਾ ਸਮਰਥਨ ਕਰਕੇ 'ਆਪ' ਨੂੰ ਸਰਕਾਰ ਤੋਂ ਬਾਹਰ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਕੇਂਦਰ ਸਰਕਾਰ ਨੇ ਸਬਕਾ ਸਾਥ ਸਬਕਾ ਵਿਕਾਸ ਦੇ ਨਾਅਰੇ ਨਾਲ ਦੇਸ਼ ਦੇ ਹਰ ਵਰਗ ਨੂੰ ਲਾਭ ਪਹੁੰਚਾਉਣ ਵਾਲੀਆਂ ਸਕੀਮਾਂ ਲਾਗੂ ਕੀਤੀਆਂ ਹਨ। ਜਿਸ ਦਾ ਲਾਭ ਅੱਜ ਦੇਸ਼ ਦਾ ਹਰ ਨਾਗਰਿਕ ਲੈ ਰਿਹਾ ਹੈ। ਖੰਨਾ ਨੇ ਕਿਹਾ ਕਿ ਦਿੱਲੀ ਚ ਭਾਜਪਾ ਦੀ ਜਿੱਤ ਕੇਜਰੀਵਾਲ ਦੇ ਝੂਠ ਤੇ ਪ੍ਰਧਾਨ ਮੰਤਰੀ ਮੋਦੀ ਦੇ ਸੱਚ ਦੀ ਜਿੱਤ ਹੈ। ਜਿਸ ਨੂੰ ਲੋਕਾਂ ਨੇ ਸਮਰਥਨ ਦਿੱਤਾ ਅਤੇ ਭਾਰੀ ਬਹੁਮਤ ਨਾਲ ਜਿੱਤ ਪ੍ਰਾਪਤ ਕੀਤੀ। ਉਨ੍ਹਾਂ ਕਿਹਾ ਕਿ ਹੁਣ ਪੰਜਾਬ ਦੇ ਲੋਕ ਵੀ ਇਹ ਸਮਝਣ ਲੱਗ ਪਏ ਹਨ ਕਿ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਪੰਜਾਬ ਦਾ ਵਿਕਾਸ ਸਿਰਫ਼ ਭਾਜਪਾ ਹੀ ਕਰ ਸਕਦੀ ਹੈ ਅਤੇ ਪੰਜਾਬ ਦੇ ਲੋਕ ਵੀ ਹੁਣ ਕੇਂਦਰ ਦੀ ਭਾਜਪਾ ਸਰਕਾਰ ਦੀਆਂ ਨੀਤੀਆਂ ਦਾ ਲਾਹਾ ਲੈ ਰਹੇ ਹਨ। ਇਸ ਮੌਕੇ ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ, ਭਾਜਪਾ ਪ੍ਰਧਾਨ ਜੇਪੀ ਨੱਡਾ ਅਤੇ ਸਮੂਹ ਦਿੱਲੀ ਅਤੇ ਰਾਸ਼ਟਰੀ ਭਾਜਪਾ ਲੀਡਰਸ਼ਿਪ ਅਤੇ ਵਰਕਰਾਂ ਨੂੰ ਦਿੱਲੀ ਦੀ ਵੱਡੀ ਜਿੱਤ ਤੇ ਵਧਾਈ ਦਿੱਤੀ। ਇਸ ਮੌਕੇ ਯੂਥ ਸਿਟੀਜ਼ਨ ਕੌਂਸਲ ਦੇ ਸੂਬਾ ਪ੍ਰਧਾਨ ਡਾ: ਰਮਨ ਘਈ ਨੇ ਕਿਹਾ ਕਿ ਜਿਸ ਤਰ੍ਹਾਂ ਦਿੱਲੀ ਦੇ ਲੋਕਾਂ ਨੇ ਕੇਜਰੀਵਾਲ ਸਰਕਾਰ ਨੂੰ ਕਰੜੇ ਹੱਥੀਂ ਲੈਂਦਿਆਂ ਭਾਜਪਾ ਨੂੰ ਭਾਰੀ ਬਹੁਮਤ ਨਾਲ ਜਿਤਾਇਆ ਹੈ, ਉਸ ਨਾਲ ਆਉਣ ਵਾਲੇ ਸਮੇਂ ਵਿੱਚ ਦਿੱਲੀ ਵਾਸੀਆਂ ਨੂੰ ਹਰ ਮੁਸ਼ਕਿਲ ਤੋਂ ਰਾਹਤ ਮਿਲੇਗੀ। ਉਨ੍ਹਾਂ ਦਿੱਲੀ ਵਾਸੀਆਂ ਦਾ ਧੰਨਵਾਦ ਕੀਤਾ ਅਤੇ ਦਿੱਲੀ ਵਿੱਚ ਭਾਜਪਾ ਦੀ ਸਰਕਾਰ ਬਣਨ 'ਤੇ ਵਧਾਈ ਦਿੱਤੀ। ਇਸ ਮੌਕੇ ਯੂਥ ਨਗਰ ਕੌਂਸਲ ਦੇ ਜ਼ਿਲ੍ਹਾ ਪ੍ਰਧਾਨ ਡਾ.ਪੰਕਜ ਸ਼ਰਮਾ ਨੇ ਦਿੱਲੀ ਵਿੱਚ ਭਾਜਪਾ ਦੀ ਵੱਡੀ ਜਿੱਤ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਇਸ ਨੂੰ ਨੌਜਵਾਨਾਂ ਦੀ ਸੱਚਾਈ ਦੀ ਜਿੱਤ ਦੱਸਿਆ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਦਿੱਲੀ ਦੇ ਲੋਕਾਂ ਨੂੰ ਪਿਛਲੇ 12 ਸਾਲਾਂ ਤੋਂ 'ਆਪ' ਸਰਕਾਰ ਵੱਲੋਂ ਦਰਪੇਸ਼ ਮੁਸ਼ਕਲਾਂ ਤੋਂ ਰਾਹਤ ਮਿਲੇਗੀ। ਇਸ ਮੌਕੇ ਡਾ: ਪੰਕਜ ਸ਼ਰਮਾ ਤੋਂ ਇਲਾਵਾ ਮਨੋਜ ਸ਼ਰਮਾ, ਮੋਹਿਤ ਸੰਧੂ, ਡਾ: ਰਾਜ ਕੁਮਾਰ ਸੈਣੀ, ਪਰਮੇਸ਼ਰ ਪੰਡਿਤ, ਜਸਵੀਰ ਸਿੰਘ, ਡਾ: ਵਸ਼ਿਸ਼ਟ ਕੁਮਾਰ, ਮਨੀ ਕੁਮਾਰ, ਵਿੱਕੀ ਪਾਸਟਰ, ਦਿਲਜੀਤ ਧੀਮਾਨ, ਬਬਲੂ ਸਿੰਘ, ਕਰਨ ਕੁਮਾਰ ਆਦਿ ਵਰਕਰਾਂ ਨੇ ਭਾਜਪਾ ਦੀ ਜਿੱਤ ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਲੱਡੂ ਵੰਡੇ ।



# ਵਿਸ਼ਾਲ ਸ਼ਿਆਮ ਭਜਨ ਸੰਧਿਆ 15 ਫਰਵਰੀ ਨੂੰ ਸੰਤ ਨਗਰ ਨਾਭਾ ਵਿਖੇ





ਨਾਭਾ (ਲੋਕ ਬਾਣੀ) ਨਾਭਾ ਸ਼ਹਿਰ ਦੇ ਸੰਤ ਨਗਰ ਨਜ਼ਦੀਕ ਰੇਲਵੇ ਸਟੇਸ਼ਨ ਨਾਭਾ ਵਿੱਖੇ ਪ੍ਰੋ ਰਵਿੰਦਰ ਸਿੰਘ ਬੀਰ ਅਤੇ ਬਾਲੀ ਭਗਤ ਸੇਵਾ ਮੰਡਲ ਦੇ ਸਹਿਯੋਗ ਨਾਲ ਵਿਸ਼ਾਲ ਭਜਨ ਸੰਧਿਆ ਕਰਵਈ ਜਾ ਰਹੀ ਹੈ ਜਿਸ ਵਿੱਚ ਭਜਨਾ ਦਾ ਗੁਣਗਾਨ ਲੱਲਿਤ ਗੁਪਤਾ ਜਾਗਰਣ ਪਰਿਵਾਰ ਵੱਲੋਂ ਕੀਤਾ ਜਾਵੇਗਾ ਅਤੇ ਖਾਟੂ ਸ਼ਿਆਮ ਜੀ ਦਾ ਸੁੰਦਰ ਦਰਬਾਰ ਅਤੇ ਫੁੱਲਾਂ ਦੀ ਵਰਖਾ ਦੇ ਨਾਲ ਨਾਲ ਦੇਖਣ ਯੋਗ ਝਾਕਿਆ ਵੀ ਦਿਖਾਇਆ ਜਾਉਣ ਗਿਆ ਇਸ ਮੌਕੇ ਡਿਵਾਈਨ ਏਜਲ ਚੈਰੀਟੇਬਲ ਟਰੱਸਟ ਦੇ ਮੁੱਖ ਸਰਪ੍ਰਸਤ ਪ੍ਰੋ ਰਵਿੰਦਰ ਸਿੰਘ ਬੀਰ ਅਤੇ ਅਮਿਤ ਕੁਮਾਰ ਬਾਲੀ ( ਗੱਦੀ ਨਾਭਾ) ਵੱਲੋਂ ਦੱਸਿਆ ਗਿਆ ਕਿ ਇਹ ਭਜਨ ਸੰਧਿਆ ਬਹੁਤ ਹੀ ਧੂਮ ਧਾਮ ਨਾਲ ਕਰਵਾਈ ਜਾ ਰਹੀ ਹੈ ਅਤੇ ਅਟੁਟ ਲੰਗਰ ਵੀ ਵਰਤਾਇਆ ਜਾਵੇਗਾ ਇਸ ਲਈ ਸਾਰੇ ਨਾਭਾ ਨਿਵਾਸੀਆਂ ਨੂੰ ਖੁੱਲਾ ਸੱਦਾ ਦਿੱਤਾ ਜਾ ਰਿਹਾ ਹੈ ਕਿ ਸਾਰੇ ਪਰਿਵਾਰ ਸਮੇਤ ਪਹੁੰਚ ਕੇ ਖਾਟੂ ਸ਼ਿਆਮ ਜੀ ਦੇ ਭਜਨਾ ਦਾ ਆਨੰਦ ਲੈਣ ਅਤੇ ਸ਼ਿਆਮ ਬਾਬਾ ਜੀ ਦਾ ਅਸ਼ੀਰਵਾਦ ਪ੍ਰਾਪਤ ਕਰਨ

# ਸਰਕਾਰੀ ਕਾਲਜ ਆਫ਼ ਐਜੂਕੇਸ਼ਨ, ਮਾਲੇਰਕੋਟਲਾ ਵਿਖੇ ਸਮੇਂ ਦੇ ਪ੍ਰਬੰਧਨ ਅਤੇ ਸਾਫਟ ਸਕਿੱਲਜ਼ ਦੇ ਵਿਸ਼ੇ ਤੇ ਵਰਕਸ਼ਾਪ ਕਰਵਾਈ ਗਈ।

ਮਾਲੇਰਕੋਟਲਾ (ਲੋਕ ਬਾਣੀ):ਸਰਕਾਰੀ ਕਾਲਜ ਆਫ਼ ਐਜੂਕੇਸ਼ਨ,ਮਾਲੇਰਕੋਟਲਾ ਵਿਖੇ ਪ੍ਰਿੰਸੀਪਲ ਡਾ.ਮੁਹੰਮਦ ਇਰਫਾਨ ਜੀ ਦੀ ਅਗਵਾਈ ਹੇਠ ਨੋਡਲ ਅਫ਼ਸਰ ਪ੍ਰੋ. ਕਰਮਪ੍ਰੀਤ ਕੌਰ ਦੁਆਰਾ Vocationalization and Skill Orientation ਗ੍ਰਾਂਟ 2024-25 ਅਧੀਨ ਸਮੇਂ ਦੇ ਪ੍ਰਬੰਧਨ ਅਤੇ ਸਾਫਟ ਸਕਿੱਲਜ਼ (Time Management and Soft Skills) ਦੇ ਵਿਸ਼ੇ ਤੇ ਵਰਕਸ਼ਾਪ ਕਰਵਾਈ ਗਈ। ਜਿਸ ਵਿੱਚ ਮੁੱਖ ਮਹਿਮਾਨ ਵਜੋਂ ਡਾ. ਬਲਬੀਰ ਸਿੰਘ, ਪ੍ਰਿੰਸੀਪਲ, ਦੇਸ਼ ਭਗਤ ਕਾਲਜ, ਬਰੜਵਾਲ (ਧੂਰੀ) ਅਤੇ ਡਾ. ਸ਼ਿਲਪਾ ਮੋਦੀ, ਮਨੋਵਿਗਿਆਨੀ ਅਤੇ Art Therapist, ਲੁਧਿਆਣਾ ਨੇ ਸ਼ਿਰਕਤ ਕੀਤੀ। ਪ੍ਰਿੰਸੀਪਲ ਡਾ. ਮੁਹੰਮਦ ਇਰਫਾਨ ਜੀ ਅਤੇ ਸਟਾਫ਼ ਮੈਂਬਰਜ਼ ਦੁਆਰਾ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ।

ਡਾ. ਬਲਬੀਰ ਸਿੰਘ ਜੀ ਦੁਆਰਾ ਸਮੇਂ ਦੇ ਸਦਉਪਯੋਗ, ਸਮੇਂ ਦੀ ਮਹੱਤਤਾ, ਸਮਾਂ ਪ੍ਰਬੰਧਨ ਦੀ ਤਰੀਕੇ ਅਤੇ 80-20 (ਫਾਰਮੂਲੇ) ਬਾਰੇ ਜਾਣਕਾਰੀ ਦਿੱਤੀ। ਉਹਨਾਂ ਨੇ ਵਿਦਿਆਰਥੀਆਂ ਨੂੰ ਆਪਣਾ ਨਿੱਜੀ ਟਾਈਮ ਟੇਬਲ ਬਣਾਉਣ ਅਤੇ ਖੁਦ ਦਾ ਮੁਲਾਂਕਣ ਕਰਨ ਲਈ ਪ੍ਰੇਰਣਾ ਦਿੱਤੀ। ਉਹਨਾਂ ਦੁਆਰਾ ਕਿਹਾ ਗਿਆ ਕਿ ਸਮਾਂ ਬਹੁਤ ਕੀਮਤੀ ਹੈ, ਜੋ ਸਮਾਂ ਇਕ ਵਾਰ ਲੰਘ ਗਿਆ ਦੁਬਾਰਾ ਮੁੜ ਕੇ ਵਾਪਿਸ ਨਹੀਂ ਆਵੇਗਾ। ਇਸ ਸਬੰਧੀ ਉਹਨਾਂ ਨੇ ਕਿਹਾ, ਸਾਨੂੰ ਆਪਣੇ ਕੰਮਾਂ ਨੂੰ ਲਾਜ਼ਮੀ, ਜ਼ਰੂਰੀ ਅਤੇ ਵਿਅਰਥ ਤਿੰਨ ਭਾਗਾਂ ਵਿੱਚ ਵੰਡ ਕੇ ਆਪਣਾ ਜ਼ਿਆਦਾ ਸਮਾਂ ਲਾਜ਼ਮੀ ਅਤੇ ਜ਼ਰੂਰੀ ਕੰਮਾਂ ਵਿੱਚ ਲਾਗਉਣਾ ਚਾਹੀਦਾ ਹੈ, ਤਾਂ ਜੋ ਸਮੇਂ ਨੂੰ ਅਜਾਈ ਗਵਾਇਆ ਨਾ ਜਾਵੇ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਰਾਤ ਨੂੰ ਇੱਕ ਵਾਰ ਰੋਜ਼ਾਨਾ ਦੇ ਕੀਤੇ ਕਾਰਜਾਂ ਤੇ ਕਰਨ ਵਾਲੇ ਕਾਰਜਾਂ ਦੀ ਸਾਰਣੀ ਤਿਆਰ ਕਰਕੇ ਉਨ੍ਹਾਂ ਨੂੰ ਪਹਿਲ ਦੇ ਅਧਾਰ ਤੇ ਕਰਨੀ ਚਾਹੀਦੀ ਹੈ।

ਡਾ. ਸ਼ਿਲਪਾ ਮੋਦੀ ਜੀ ਨੇ Soft Skills ਦੇ ਵਿਸ਼ੇ ਤੇ ਵਿਦਿਆਰਥੀਆਂ ਨੂੰ Personality Development ਬਾਰੇ ਸੰਖੇਪ ਜਾਣਕਾਰੀ ਦਿੱਤੀ ਅਤੇ Soft Skills ਤੇ ਚਾਨਣਾ ਪਾਉਂਦੇ ਹੋਏ Art Therapy ਦੇ ਵਿਸ਼ੇ ਬਾਰੇ ਗੱਲਬਾਤ ਕੀਤੀ। ਉਹਨਾਂ ਦੁਆਰਾ ਵਿਦਿਆਰਥੀਆਂ ਤੋਂ (Scribble Activity) ਕਰਵਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੇ Scribble ਕਰਕੇ ਉਨ੍ਹਾਂ ਦੇ ਮਨ ਵਿੱਚ ਚਲ ਰਹੀਆਂ ਭਾਵਨਾਂਵਾਂ ਨੂੰ ਪੁੱਛਿਆ ਗਿਆ ਅਤੇ ਵਿਦਿਆਰਥੀਆਂ ਦੁਆਰਾ ਆਪਣੇ ਵਿਚਾਰ ਸਾਂਝੇ ਕੀਤੇ ਗਏ। ਡਾ. ਸ਼ਿਲਪਾ ਜੀ ਨੇ ਵਿਦਿਆਰਥੀਆਂ ਨੂੰ ਆਪਣੀਆਂ ਸਮੱਸਿਆਂਵਾਂ ਨੂੰ ਸਮਝ ਕੇ ਆਪ ਹੱਲ ਕਰਨ ਬਾਰੇ ਕਿਹਾ, ਤਾਂ ਜੋ ਵਿਦਿਆਰਥੀ Self-Dependent ਬਣ ਸਕਣ।

ਇਸ ਤੋਂ ਬਾਅਦ ਪ੍ਰਿੰਸੀਪਲ ਸਾਹਿਬ ਜੀ ਨੇ ਵੀ ਵਿਦਿਆਰਥੀਆਂ ਸਾਈਕੋਲੋਜੀ ਅਧੀਨ ਵੱਖ-ਵੱਖ Therapies ਜਿਵੇਂ ਕਿ Cognitive behavioral therapy (CBT), Psychodynamic therapy, Interpersonal therapy (IPT), Humanistic therapy ਬਾਰੇ ਸੰਖੇਪ ਜਾਣਕਾਰੀ ਦਿੱਤੀ, ਤਾਂ ਜੋ ਵਿਦਿਆਰਥੀਆਂ ਉਨ੍ਹਾਂ ਦੇ ਮਨ ਵਿੱਚ ਚਲ ਰਹੀਆਂ ਗਤੀਵਿਧੀਆਂ ਅਤੇ ਆਪਣੀਆਂ ਭਾਵਨਾਂਵਾਂ ਨੂੰ ਸਮਝ ਕੇ ਉਹਨਾਂ ਦੀਆਂ ਸਮੱਸਿਆਂਵਾਂ ਨੂੰ ਆਪ ਹੱਲ ਕਰ ਸਕਣ । ਪ੍ਰੋ. ਮਨਪ੍ਰੀਤ ਕੌਰ ਦੁਆਰਾ ਆਏ ਹੋਏ ਮਹਿਮਾਨਾਂ ਦੀ ਧੰਨਵਾਦ ਕੀਤਾ ਗਿਆ ਅਤੇ ਅੰਤ ਵਿੱਚ ਪ੍ਰਿੰਸੀਪਲ ਸਾਹਿਬ ਜੀ ਦੁਆਰਾ ਆਏ ਹੋਏ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮੂਹ ਸਟਾਫ਼ ਅਤੇ ਬੀ.ਐਡ ਭਾਗ ਪਹਿਲਾ ਅਤੇ ਦੂਜਾ ਦੇ ਵਿਦਿਆਰਥੀ ਹਾਜ਼ਰ ਰਹੇ।






# ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਭਾਰਤੀ ਰੇਡੀਓਲੌਜੀ ਅਤੇ ਇਮੇਜਿੰਗ ਐਸੋਸੀਏਸ਼ਨ ਦੀ 77ਵੀਂ ਸਾਲਾਨਾ ਕਾਂਫਰੰਸ ਵਿੱਚ ਕੀਤੀ ਸ਼ਿਰਕਤ

ਹੁਸ਼ਿਆਰਪੁਰ (ਲੋਕ ਬਾਣੀ) ਡਾ. ਇਸ਼ਾਂਕ ਕੁਮਾਰ, ਚੱਬੇਵਾਲ ਵਿਧਾਇਕ,ਨੇ ਚੇਨਈ ਟਰੇਡ ਸੈਂਟਰ ਵਿਖੇ ਪਿਛਲੇ ਹਫ਼ਤੇ ਭਾਰਤੀ ਰੇਡੀਓਲੌਜੀ ਅਤੇ ਇਮੇਜਿੰਗ ਐਸੋਸੀਏਸ਼ਨ ( ਆਈ ਆਰ ਆਈ ਏ ) ਦੀ 77ਵੀਂ ਸਾਲਾਨਾ ਕਾਂਫਰੰਸ ਅਤੇ 23ਵੀਂ ਏਸ਼ੀਅਨ ਓਸ਼ੀਅਨ ਕਾਂਗਰਸ ਆਫ ਰੇਡੀਓਲੋਜੀ ( ਏ ਉ ਸੀ ਆਰ ) ਵਿੱਚ ਖਾਸ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਸਮਾਗਮ ਵਿੱਚ ਭਾਰਤ ਅਤੇ ਦੂਜੇ ਏਸ਼ੀਅਨ ਦੇਸ਼ਾਂ ਤੋਂ 200 ਤੋਂ ਵੱਧ ਪ੍ਰਮੁੱਖ ਰੇਡੀਓਲੋਜੀ ਨਾਲ ਜੁੜੇ ਵਿਗਿਆਨਕਾਂ ਅਤੇ ਡਾਕਟਰਾਂ ਨੇ ਹਿੱਸਾ ਲਿਆ, ਜੋ ਏਸ਼ੀਆ ਦੀ ਸਭ ਤੋਂ ਵੱਡੀ ਰੇਡੀਓਲੋਜੀ ਅਤੇ ਡਾਇਗਨੋਸਟਿਕ ਇਮੇਜਿੰਗ ਕਾਂਗਰਸ ਵਿੱਚ ਇਕੱਠੇ ਹੋਏ।

ਇਸ ਸਮਾਗਮ ਨੇ ਰੇਡੀਓਲੋਜੀ ਦੇ ਖੇਤਰ ਦੇ ਮਸ਼ਹੂਰ ਵਿਦਵਾਨਾਂ ਅਤੇ ਵਿਚਾਰਕਾਂ ਨੂੰ ਆਪਣੇ ਗਿਆਨ ਨੂੰ ਸ਼ੇਅਰ ਕਰਨ ਦਾ ਮੌਕਾ ਦਿੱਤਾ, ਜਿਸ ਵਿੱਚ ਰੁਚਿਕਰ ਭਾਸ਼ਣ, ਨਵੀਨਤਮ ਪ੍ਰਦਰਸ਼ਨ ਅਤੇ ਵਰਕਸ਼ਾਪਾਂ ਸ਼ਾਮਿਲ ਸਨ। ਡਾ. ਇਸ਼ਾਂਕ ਕੁਮਾਰ ਨੇ ਆਪਣੇ ਭਾਸ਼ਣ ਵਿੱਚ ਕਿਹਾ ਕਿ ਸਮੇਂ ਦੇ ਨਾਲ ਰੇਡੀਓਲੋਜੀ ਵਿਚ ਆ ਰਹੇ ਬਦਲਾਅ ਵਿੱਚ ਰੇਡੀਓਲੋਜਿਸਟਾਂ ਦੀ ਭੂਮਿਕਾ ਹੋਰ ਵੀ ਮਹੱਤਵਪੂਰਨ ਹੋ ਗਈ ਹੈ, ਖਾਸ ਕਰਕੇ ਜਦੋਂ ਕਿ ਡਾਇਗਨੋਸਟਿਕ ਮੋਡਾਲਿਟੀਜ਼ ਜਿਵੇਂ ਕਿ ( ਸੀ ਟੀ) ਅਤੇ ( ਐਮ ਆਰ ) ਤਰੱਕੀ ਕਰ ਰਹੀਆਂ ਹਨ ਅਤੇ ਨਵੀਆਂ ਸਕੈਨਿੰਗ ਤਕਨੀਕਾਂ ਉਭਰ ਰਹੀਆਂ ਹਨ। ਉਹਨਾਂ ਨੇ ਇਹ ਵੀ ਕਿਹਾ ਕਿ ਰੇਡੀਓਲੋਜਿਸਟਾਂ ਦੀ ਭੂਮਿਕਾ ਸਿਹਤ ਦੇ ਖੇਤਰ ਵਿੱਚ ਮਹੱਤਵਪੂਰਣ ਯੋਗਦਾਨ ਪਾ ਰਹੀ ਹੈ।ਡਾ. ਇਸ਼ਾਂਕ ਨੇ ਇਸ ਮੌਕੇ ਤੇ ਡਾ. ਸੀ. ਅਮਰਨਾਥ, ਸੰਗਠਨ ਕਮੇਟੀ ਦੇ ਚੇਅਰਮੈਨ, ਡਾ. ਐੱਲ. ਮੁਰਲੀ ਕ੍ਰਿਸ਼ਨਾ, ਸੰਗਠਨ ਕਮੇਟੀ ਦੇ ਸੈਕ੍ਰੇਟਰੀ, ਨੈਸ਼ਨਲ ਪ੍ਰੈਸੀਡੈਂਟ ਗੁਰਦੀਪ ਸਿੰਘ ਅਤੇ ਸਾਰੇ ਸਟਾਫ ਮੈਂਬਰਾਂ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਇਸ ਸ਼ਾਨਦਾਰ ਕਾਂਗਰਸ ਦਾ ਆਯੋਜਨ ਕੀਤਾ ਅਤੇ ਉਨ੍ਹਾਂ ਨੂੰ ਇਸ ਵਿੱਚ ਸ਼ਿਰਕਤ ਕਰਨ ਦਾ ਮੌਕਾ ਦਿੱਤਾ। ਡਾ. ਕੁਮਾਰ ਨੇ ਸਮਾਗਮ ਦੌਰਾਨ ਇਹ ਵੀ ਸਾਂਝਾ ਕੀਤਾ ਕਿ ਕਿਵੇਂ ਉਹਨਾਂ ਦੇ ਪਿਤਾ ਡਾ. ਰਾਜ ਕੁਮਾਰ ਦਾ ਰੇਡੀਓਲੋਜੀ ਸਪੈਸ਼ਲਿਸਟ ਵਜੋਂ ਕੰਮ




ਉਹਨਾਂ ਨੂੰ ਸ਼ੁਰੂ ਤੋਂ ਹੀ ਪ੍ਰੇਰਿਤ ਕਰਦਾ ਰਿਹਾ, ਅਤੇ ਫਿਰ ਰਾਜਨੀਤੀ ਵਿਚ ਆ ਕੇ ਹੋਰ ਵੀ ਸਮਰਪਿਤ ਭਾਵਨਾ ਨਾਲ ਲੋਕ ਸੇਵਾ ਕਰਨ ਦੇ ਆਪਣੇ ਪਿਤਾ ਦੇ ਜਜ਼ਬੇ ਨੇ ਉਹਨਾਂ ਨੂੰ ਵੀ ਰੇਡੀਓਲੋਜੀ ਦੀ ਪੜ੍ਹਾਈ ਕਰਨ ਦੇ ਨਾਲ-ਨਾਲ ਉਹਨਾਂ ਦੇ ਨਕਸ਼ੇ ਕਦਮ ਤੇ ਚੱਲ ਕੇ ਰਾਜਨੀਤੀ ਵਿੱਚ ਸ਼ਾਮਲ ਹੋਣ ਲਈ ਪ੍ਰੇਰਨਾ ਦਿੱਤੀ । ਇਸ ਕਾਨਫਰੈਂਸ ਦੌਰਾਨ, ਡਾ. ਇਸ਼ਾਂਕ ਕੁਮਾਰ ਨੂੰ ( ਆਈ ਆਰ ਆਈ ਏ ) ਵੱਲੋਂ ਰੇਡੀਓਲੋਜੀ ਫ੍ਰੈਟਰਨਿਟੀ ਤੋਂ ਸਭ ਤੋਂ ਘੱਟ ਉਮਰ ਵਿਚ ( ਐਮ ਐਲ ਏ ) ਬਣਨ ਲਈ ਵੀ ਸਨਮਾਨਿਤ ਕੀਤਾ ਗਿਆ।

# ਪੀਰ ਬਾਬਾ ਸ਼ੇਰ ਸ਼ਾਹ ਸਲਾਨਾ ਉਰਸ 19 ਫਰਵਰੀ ਨੂੰ ਮਨਾਇਆ ਜਾਵੇਗਾ :ਗਿੱਲ



ਅੰਮ੍ਰਿਤਸਰ (ਲੋਕ ਬਾਣੀ) ਔਲੀਆ ਅਸਥਾਨਾਂ ਦਰਗਾਹ ਹਜਰਤ ਪੀਰ ਬਾਬਾ ਸ਼ੇਰ ਸ਼ਾਹ ਵਲੀ ਗੌਸਾਬਾਦ ਨਹਿਰ ਨਜਦੀਕ ਲੁਕ ਪਲਾਂਟ ਵਿਖੇ ਸਲਾਨਾ ਉਰਸ ਬੜੀ ਸ਼ਰਧਾ ਅਤੇ ਭਾਵਨਾ ਨਾਲ ਮਨਾਇਆ ਜਾਵੇਗਾ ਧਾਰਮਿਕ ਮੇਲੇ ਦੀ ਜਾਣਕਾਰੀ ਦਿੰਦਿਆਂ ਗੱਦੀ ਨਸ਼ੀਨ ਡਾ ਪੂਨਮ ਗੀਤ ਗਿੱਲ ਨੇ ਦੱਸਿਆ ਉਹਨਾਂ ਦੀ ਯਾਦ ਵਿੱਚ ਹਰ ਸਾਲ ਸਲਾਨਾ ਮੇਲਾ ਕਮੇਟੀ ਅਤੇ ਐਨ ਆਰ ਆਈ ਵੀਰਾਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾਂਦਾ ਹੈ ਜਿਸ ਵਿੱਚ ਕਾਫੀ ਪਿੰਡਾਂ ਤੋਂ ਸਮੂਹ ਸੰਗਤਾਂ ਦਰਸ਼ਨ ਦੀਦਾਰੇ ਕਰਦਿਆਂ ਦਰਗਾਹ ਤੋ ਖੁਸ਼ੀਆਂ ਪ੍ਰਾਪਤ ਕਰਕੇ ਆਪਣੀਆਂ ਝੋਲੀਆਂ ਭਰਦੀਆਂ ਹਨ ਉਸ ਮੌਕੇ ਮਹਿੰਦੀ ਰਸਮ 16 ਫਰਵਰੀ 17 ਫਰਵਰੀ ਮਹਿਫਲ ਹੋਵੇਗੀ ਜਿਸ ਵਿੱਚ ਵਿਸ਼ੇਸ਼ ਤੌਰ ਤੇ ਸੂਫੀ ਗਾਇਕ ਪਰਵੇਜ਼ ਆਲਮ ਸਮੇਤ ਵੱਖ ਵੱਖ ਸੂਫੀ ਸੰਤ ਹਾਜ਼ਰੀ ਭਰਨਗੇ 19 ਨੂੰ ਧਾਰਮਿਕ ਸਟੇਜ ਤੇ ਪੰਜਾਬੀ ਗਾਇਕ ਸਤਨਾਮ ਸਾਗਰ ਹਾਜਰੀ ਭਰਨਗੇ ਇਸ ਮੌਕੇ ਸੇਵਾਦਾਰ ਕੁਲਬੀਰ ਸਿੰਘ ਗੁਲਪਿੰਦਰ ਸਿੰਘ ਕਰਮਜੀਤ ਸਿੰਘ ਹਰਜੀਤ ਸਿੰਘ ਜਗਜੀਤ ਸਿੰਘ ਕਸ਼ਮੀਰ ਸਿੰਘ ਪ੍ਰਦੀਪ ਸਿੰਘ ਸੋਨਾ ਸਿੰਘ ਸਰਪੰਚ ਹਰਦੇਵ ਸਿੰਘ ਸੰਧੂ ਬਾਊ ਸਿੰਘ ਰੱਤਾ ਸਿੰਘ ਹਾਜ਼ਰ ਸਨ

# ਹੈਲਪਲਾਈਨ ਸੇਵਾ ਪੁਲਿਸ ਕਰਮਚਾਰੀਆਂ ਅਤੇ ਉਨਾਂ ਦੇ ਪਰਿਵਾਰਾਂ ਲਈ ਵਰਦਾਨ ਸਾਬਿਤ ਹੋਵੇਗੀ- ਟੀਮ ਲਿਵਾਸਾ

ਹੁਸ਼ਿਆਰਪੁਰ (ਲੋਕ ਬਾਣੀ) ਲਿਵਾਸਾ ਹਸਪਤਾਲ, ਹੁਸ਼ਿਆਰਪੁਰ ਨੇ ਪੰਜਾਬ ਪੁਲਿਸ ਕਰਮਚਾਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਇੱਕ ਨਵੀਂ ਅਤੇ ਮਹੱਤਵਪੂਰਨ ਹੈਲਪਲਾਈਨ ਸੇਵਾ ਸ਼ੁਰੂ ਕੀਤੀ ਹੈ। ਇਸ ਹੈਲਪਲਾਈਨ ਦਾ ਮਕਸਦ ਉਨ੍ਹਾਂ ਦੀਆਂ ਸਿਹਤ ਸੰਬੰਧੀ ਸਮੱਸਿਆਵਾਂ ਲਈ ਤੁਰੰਤ ਹੱਲ ਪ੍ਰਦਾਨ ਕਰਨਾ ਹੈ। ਇਹ ਹੈਲਪਲਾਈਨ ਨੰਬਰ 9888539393 ਸਤਕਾਰ ਯੋਜਨਾ ਦੇ ਤਹਿਤ ਸ਼ੁਰੂ ਕੀਤਾ ਗਿਆ ਹੈ, ਜੋ ਕਿ ਪੰਜਾਬ ਪੁਲਿਸ ਕਰਮਚਾਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਸਿਹਤ ਸੇਵਾਵਾਂ ਨੂੰ ਬਿਹਤਰ ਬਣਾਉਣ ਲਈ ਇੱਕ ਖਾਸ ਪਹਿਲ ਹੈ। ਇਸ ਮੌਕੇ ਤੇ ਆਯੋਜਿਤ ਇੱਕ ਸਮਾਰੋਹ ਵਿੱਚ ਐਸਐਸਪੀ ਸੁਰਿੰਦਰ ਲਾਂਬਾ ਨੇ ਇਸ ਪਹਿਲ ਦੀ ਸਲਾਘਾ ਕਰਦੇ ਹੋਏ ਕਿਹਾ ਕਿ ਲਿਵਾਸਾ ਹਸਪਤਾਲ ਵਲੋਂ ਉਠਾਇਆ ਗਿਆ ਇੱਕ ਬਹੁਤ ਹੀ ਸਾਰਥਕ ਕਦਮ ਹੈ। ਉਨ੍ਹਾਂ ਕਿਹਾ ਕਿ ਇਹ ਹੈਲਪਲਾਈਨ ਸੇਵਾ ਪੰਜਾਬ ਪੁਲਿਸ ਦੇ ਕਰਮਚਾਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਇੱਕ ਵੱਡੀ ਰਾਹਤ ਸਾਬਿਤ ਹੋਵੇਗੀ। ਹੁਣ ਉਹ ਆਪਣੀਆਂ ਸਿਹਤ ਸਮੱਸਿਆਵਾਂ ਲਈ ਸਿੱਧਾ ਸੰਪਰਕ ਕਰ ਸਕਦੇ ਹਨ ਅਤੇ ਉਨ੍ਹਾਂ ਨੂੰ ਤੁਰੰਤ ਡਾਕਟਰੀ ਸਹਾਇਤਾ ਮਿਲ ਸਕੇਗੀ। ਇਹ ਕਦਮ ਉਨ੍ਹਾਂ ਦੇ ਮਾਨਸਿਕ ਅਤੇ ਸ਼ਰੀਰਕ ਸਿਹਤ ਨੂੰ ਸੁਧਾਰਨ ਵਿੱਚ ਮਦਦ ਕਰੇਗਾ। ਲਿਵਾਸਾ ਹਸਪਤਾਲ ਦੇ ਡਾਕਟਰ ਰਵੀ ਨੇ ਵੀ ਇਸ ਪਹਿਲ ਬਾਰੇ ਗੱਲ ਕਰਦੇ ਹੋਏ ਕਿਹਾ, ਅਸੀਂ ਇਸ ਹੈਲਪਲਾਈਨ ਦੇ ਜ਼ਰੀਏ ਪੁਲਿਸ ਕਰਮਚਾਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਗੁਣਵੱਤਾ ਵਾਲੀਆਂ ਡਾਕਟਰੀ ਸੇਵਾਵਾਂ ਪ੍ਰਦਾਨ ਕਰਨ ਲਈ ਪ੍ਰਤੀਬੱਧ ਹਾਂ। ਉਹਨਾਂ ਕਿਹਾ ਕਿ ਇਹ ਹੈਲਪਲਾਈਨ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਸਿਹਤ ਸਮੱਸਿਆ ਲਈ ਸਿੱਧਾ ਸੰਪਰਕ ਕਰਨ ਦੀ ਸੁਵਿਧਾ ਦਿੰਦੀ ਹੈ। ਉਹਮਾ ਕਿਹਾ ਕਿ ਉਮੀਦ ਕਰਦੇ ਹਾਂ ਕਿ ਇਹ ਪਹਿਲ ਉਨ੍ਹਾਂ ਦੀ ਸਿਹਤ ਵਿੱਚ ਸੁਧਾਰ ਲਿਆਵੇਗੀ ਅਤੇ ਉਨ੍ਹਾਂ ਨੂੰ ਬਿਹਤਰ ਸਿਹਤ ਸੇਵਾਵਾਂ ਮਿਲਣਗੀਆਂ। ਉਹਨਾਂ ਕਿਹਾ ਕਿ ਇਸ ਪ੍ਰੋਗਰਾਮ ਵਿੱਚ ਪੁਲਿਸ ਅਧਿਕਾਰੀਆਂ ਤੇ ਡਾਕਟਰਾਂ ਨੇ ਇਸ ਪਹਿਲ ਦੀ ਮਹੱਤਵਤਾ ਤੇ ਗੱਲ ਕੀਤੀ ਅਤੇ ਇਸਨੂੰ ਇੱਕ ਸਕਾਰਾਤਮਕ ਕਦਮ ਕਰਾਰ ਦਿੱਤਾ। ਸਮਾਰੋਹ ਵਿੱਚ ਐਸਐਸਪੀ ਸੁਰਿੰਦਰ ਲਾਂਬਾ, ਐਸਪੀ ਮੇਜਰ ਸਿੰਘ, ਡੀਐਸਪੀ ਡਾ.ਮਨਪ੍ਰੀਤ ਕੌਰ ਸ਼ੀਹਮਾਰ , ਡਾ. ਆਸ਼ੀਸ਼ ਲਿਵਾਸਾ ਹਸਪਤਾਲ ਦੇ ਡਾ. ਰਵੀ, ਜੀਐਮ ਓਪਰੇਸ਼ਨ ਮਿਸਟਰ ਅਭਿਨਵ ਸ਼੍ਰੀਵਾਸਤਵ ਅਤੇ ਮਾਰਕੀਟਿੰਗ ਹੈਡ ਸੁਧੀਰ ਵੀ ਮੌਜੂਦ ਸਨ। ਇਸ ਮੌਕੇ ਸਾਰਿਆ ਨੇ ਇਸ ਹੈਲਪਲਾਈਨ ਨੂੰ ਪੰਜਾਬ ਪੁਲਿਸ ਕਰਮਚਾਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਇੱਕ ਵੱਡੀ ਸੁਵਿਧਾ ਅਤੇ ਮਦਦ ਮੰਨਿਆ।

ਇਸ ਮੌਕੇ ਲਿਵਾਸਾ ਹਸਪਤਾਲ ਨੇ ਇਸ ਹੈਲਪਲਾਈਨ ਸੇਵਾ ਦੀ ਸ਼ੁਰੂਆਤ ਕਰਕੇ ਪੁਲਿਸ ਕਰਮਚਾਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਇੱਕ ਅਨਮੋਲ ਸਹਾਇਤਾ ਪ੍ਰਦਾਨ ਕੀਤੀ ਹੈ। ਹੁਣ ਪੁਲਿਸ ਕਰਮਚਾਰੀ ਅਤੇ ਉਨ੍ਹਾਂ ਦੇ ਪਰਿਵਾਰ ਆਪਣੀਆਂ ਸਿਹਤ ਸਮੱਸਿਆਵਾਂ ਦੇ ਹੱਲ ਲਈ ਸਿੱਧਾ ਸੰਪਰਕ ਕਰ ਸਕਦੇ ਹਨ। ਲਿਵਾਸਾ ਹਸਪਤਾਲ ਦਾ ਇਹ ਕਦਮ ਨਿਸ਼ਚਿਤ ਤੌਰ ਤੇ ਪੁਲਿਸ ਕਰਮਚਾਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਇੱਕ ਵਰਦਾਨ ਸਾਬਿਤ ਹੋਵੇਗਾ।



# ਕਾਨਪੁਰ ਚ ਚੋਰਾਂ ਦਾ ਦਹਿਸ਼ਤ, ਵਿਧਾਇਕ ਦੇ ਸਾਲੇ ਦੇ ਘਰੋਂ ਕਰੋੜਾਂ ਦਾ ਸਾਮਾਨ ਚੋਰੀ

ਕਾਨਪੁਰ। ( ਸੁਨੀਲ ਬਾਜਪਾਈ) ਅੱਜ ਕੱਲ੍ਹ ਪੂਰੇ ਜ਼ਿਲ੍ਹੇ ਵਿੱਚ ਚੋਰਾਂ ਦਾ ਆਤੰਕ ਹੈ। ਉਹ ਹਰ ਰੋਜ਼ ਇੱਥੇ ਚੋਰੀ ਦੀਆਂ ਵੱਡੀਆਂ ਵਾਰਦਾਤਾਂ ਨੂੰ ਅੰਜਾਮ ਦੇ ਰਹੇ ਹਨ। ਇਸੇ ਸਿਲਸਿਲੇ ਚ ਸਪਾ ਵਿਧਾਇਕ ਨਸੀਮ ਸੋਲੰਕੀ ਦੇ ਸਾਲੇ ਦੇ ਘਰੋਂ ਚੋਰਾਂ ਨੇ ਕਰੋੜਾਂ ਦਾ ਸਾਮਾਨ ਲੁੱਟ ਲਿਆ। ਇਸ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਤਿੰਨੇ ਚੋਰ ਸੀਸੀਟੀਵੀ ਕੈਮਰਿਆਂ ਵਿੱਚ ਵੀ ਨਜ਼ਰ ਆ ਰਹੇ ਹਨ, ਜਿਸ ਤੋਂ ਬਾਅਦ ਪੁਲਿਸ ਉਨ੍ਹਾਂ ਦੀ ਭਾਲ ਵਿੱਚ ਜੁਟੀ ਹੋਈ ਹੈ।

ਬੀਤੀ ਦੇਰ ਰਾਤ ਹੋਈ ਇਸ ਚੋਰੀ ਵਿੱਚ ਚੋਰ ਢਾਈ ਲੱਖ ਰੁਪਏ ਦੀ ਨਕਦੀ, ਡੇਢ ਕਿਲੋ ਸੋਨਾ ਤੇ ਚਾਂਦੀ ਦੇ ਗਹਿਣੇ ਤੇ ਹੋਰ ਸਾਮਾਨ ਚੋਰੀ ਕਰਕੇ ਲੈ ਗਏ। ਸੂਚਨਾ ਮਿਲਣ ਤੇ ਜਾਜਮਾਊ ਅਤੇ ਚਕੇਰੀ ਥਾਣੇ ਦੀ ਪੁਲਸ ਮੌਕੇ ਤੇ ਪਹੁੰਚ ਗਈ।

ਸਮਾਜਵਾਦੀ ਪਾਰਟੀ ਦੇ ਵਿਧਾਇਕ ਨਸੀਮ ਸੋਲੰਕੀ ਦੇ ਸਾਲੇ ਜਾਵੇਦ ਆਲਮ ਦਾ ਜਾਜਮਾਊ ਦੇ ਪੌਸ਼ ਇਲਾਕੇ ਡਿਫੈਂਸ ਕਾਲੋਨੀ ਵਿੱਚ ਘਰ ਹੈ। ਸੰਜੇ ਨਗਰ ਵਿੱਚ ਉਸ ਦੀ ਟੈਨਰੀ (ਫੈਕਟਰੀ) ਹੈ। ਜਾਵੇਦ ਆਪਣੀ ਪਤਨੀ ਸ਼ਮੀਮ ਬਾਨੋ ਨਾਲ ਰਹਿੰਦਾ ਹੈ। ਘਟਨਾ ਦੇ ਸਮੇਂ ਸ਼ਮੀਮ ਬਾਨੋ ਦੀ ਬੇਟੀ ਆਪਣੇ ਬੱਚਿਆਂ ਜ਼ੋਹਾ, ਜ਼ਿਲਫ ਅਤੇ ਨਾਜ਼ ਨਾਲ ਆਈ ਸੀ।



ਪੁਲਿਸ ਨੇ ਦੱਸਿਆ ਕਿ ਜਦੋਂ ਉਨ੍ਹਾਂ ਨੇ ਘਰ ਵਿੱਚ ਲੱਗੇ ਸੀਸੀਟੀਵੀ ਦੀ ਜਾਂਚ ਕੀਤੀ ਤਾਂ ਤਿੰਨ ਬਦਮਾਸ਼ ਦਿਖਾਈ ਦਿੱਤੇ। ਦੇਖਿਆ ਗਿਆ ਹੈ ਕਿ ਤੜਕੇ 3.30 ਵਜੇ ਤਿੰਨ ਨਕਾਬਪੋਸ਼ ਚੋਰ ਪਿਛਲੀ ਕੰਧ ਟੱਪ ਕੇ ਛੱਤ ਤੇ ਆ ਗਏ। ਇੱਥੋਂ, ਪੌੜੀਆਂ ਰਾਹੀਂ ਦਰਵਾਜ਼ਾ ਖੋਲ੍ਹੋ ਅਤੇ ਅੰਦਰ ਦਾਖਲ ਹੋਵੋ।

ਇੱਥੇ ਕਮਰੇ ਵਿੱਚ ਜਾ ਕੇ ਅਲਮਾਰੀਆਂ ਤੋੜ ਦਿੱਤੀਆਂ। ਇਕ ਕਿਲੋ ਸੋਨੇ ਦੇ ਗਹਿਣੇ, ਕੁਝ ਚਾਂਦੀ ਦੇ ਗਹਿਣੇ ਅਤੇ ਢਾਈ ਲੱਖ ਰੁਪਏ ਦੀ ਨਕਦੀ ਅਤੇ ਹੋਰ ਸਾਮਾਨ ਲੈ ਗਏ। ਚੋਰ ਛੱਤ ਪਾ ਕੇ ਫਰਾਰ ਹੋ ਗਏ। ਪੁਲਿਸ ਉਨ੍ਹਾਂ ਦੀ ਭਾਲ ਕਰ ਰਹੀ ਹੈ। ਤੁਹਾਨੂੰ ਦੱਸ ਦੇਈਏ ਕਿ ਇਸ ਮਹਾਨਗਰ ਦੇ ਵੱਖ-ਵੱਖ ਥਾਣਾ ਖੇਤਰਾਂ ਵਿੱਚ ਪਹਿਲਾਂ ਵੀ ਚੋਰੀ ਦੀਆਂ ਕਈ ਵੱਡੀਆਂ ਵਾਰਦਾਤਾਂ ਹੋ ਚੁੱਕੀਆਂ ਹਨ। ਪੁਲੀਸ ਅੱਜ ਤੱਕ ਇਨ੍ਹਾਂ ਵਿੱਚੋਂ ਕਈ ਘਟਨਾਵਾਂ ਦਾ ਖੁਲਾਸਾ ਨਹੀਂ ਕਰ ਸਕੀ।

# ਨੈਸ਼ਨਲ ਪੱਧਰ ਦੀ ਕਾਨਫਰੰਸ ਵਿੱਚ ਡਾ.ਐਚ.ਪੀ.ਐਸ. ਮਿਗਲਾਨੀ ਨੇ ਸਾਂਝੇ ਕੀਤੇ ਆਪਣੇ ਤਜਰਬੇ

ਫ਼ਗਵਾੜਾ (ਸੁਸ਼ੀਲ ਸ਼ਰਮਾ) ਬੱਚਿਆਂ ਦੀਆਂ ਕ੍ਰਿਟੀਕਲ ਬਿਮਾਰੀਆਂ ਦੇ ਮਾਹਿਰ ਸਰਜਨ ਡਾ.ਐਚ.ਪੀ.ਐਸ.ਮਿਗਲਾਨੀ ਦਾ ਨਾਮ ਜਬਰਦਸਤ ਸਫਲ ਸਰਜਰੀਆਂ ਕਰਨ ਦੇ ਸਦਕਾ ਵਿਦੇਸ਼ਾਂ ਸਮੇਤ ਦੇਸ਼ ਦੀਆਂ ਵੱਖ-ਵੱਖ ਸਟੇਟਾਂ ਤੱਕ ਪਹੁੰਚ ਚੁੱਕਾ ਹੈ। ਉੱਥੇ ਉਹਨਾਂ ਦੀਆਂ ਕਾਬਲੀਅਤਾਂ ਨੂੰ ਦੇਖਦੇ ਹੋਏ ਵੱਖ-ਵੱਖ ਕਾਨਫਰੰਸਾਂ ਲਾਈਵ ਸਰਜਰੀਆਂ ਅਤੇ ਪ੍ਰੋਗਰਾਮਾਂ ਵਿੱਚ ਉੱਚੇਚੇ ਤੌਰ ਤੇ ਸੱਦੇ ਦਿੱਤੇ ਜਾਂਦੇ ਹਨ ਤਾਂ ਕਿ ਉਨਾਂ ਦੇ ਕੋਲ ਮੌਜੂਦ ਮਹੱਤਵਪੂਰਨ ਤਜਰਬਿਆਂ ਨੂੰ ਹੋਰਨਾ ਦੂਸਰੇ ਡਾਕਟਰਾਂ ਦੇ ਨਾਲ ਸਾਂਝਾ ਕਰਦਿਆਂ ਜਾਣਕਾਰੀਆਂ ਦਿੱਤੀਆਂ ਜਾਂ ਪ੍ਰਾਪਤ ਕੀਤੀਆਂ ਜਾ ਸਕਣ।

ਇਸੇ ਲੜੀ ਦੇ ਚੱਲਦਿਆਂ ਮੌਲਾਨਾ ਆਜ਼ਾਦ ਮੈਡੀਕਲ ਕਾਲਜ,ਨਵੀਂ ਦਿੱਲੀ ਵਿਖੇ ਆਯੋਜਿਤ ਨੈਸ਼ਨਲ ਪੱਧਰ ਦੀ ਕਾਨਫਰੰਸ ਦੇ ਵਿੱਚ ਡਾ.ਐਚ.ਪੀ.ਐਸ.ਮਿਗਲਾਨੀ ਨੂੰ ਉਚੇਚੇ ਤੌਰ ਤੇ ਸੱਦਾ ਦੇ ਕੇ 40 ਮਿੰਟ ਦਾ ਭਾਸ਼ਣ ਲਈ ਉਚੇਚੇ ਤੌਰ ਤੇ ਵਿਸ਼ੇਸ਼ ਸਮਾਂ ਦਿੱਤਾ ਗਿਆ। ਕਾਨਫਰੰਸ ਤੋਂ ਵਾਪਸ ਪਰਤੇ ਮਿਗਲਾਨੀ ਹਸਪਤਾਲ,ਨਜਦੀਕ ਸ਼ਿਵਾਲਾ ਗੇਟ,ਮੇਨ ਬਟਾਲਾ ਰੋਡ,ਅੰਮ੍ਰਿਤਸਰ ਵਿਖੇ ਡਾ.ਐਚ.ਪੀ.ਐਸ.ਮਿਗਲਾਨੀ ਨੇ ਦੱਸਿਆ ਕਿ ਦਿੱਲੀ ਵਿਖੇ ਆਯੋਜਿਤ ਕਾਨਫਰੰਸ ਦੇ ਵਿੱਚ ਨੈਸ਼ਨਲ ਅਤੇ ਇੰਟਰਨੈਸ਼ਨਲ ਸਪੀਕਰਾਂ ਵੱਲੋਂ ਵੀ ਭਾਗ ਲਿਆ ਗਿਆ। ਜਿੱਥੇ ਵੱਖ-ਵੱਖ ਮਾਹਿਰ ਸਰਜਨਾਂ ਵੱਲੋਂ ਇੱਕ ਦੂਸਰੇ ਦੇ ਨਾਲ ਆਪਣੇ ਤਜਰਬੇ ਸਾਂਝੇ ਕੀਤੇ ਗਏ,ਉੱਥੇ ਮੈਨੂੰ ਵੀ ਮੁੱਖ ਸਪੀਕਰ ਦੇ ਤੌਰ ਤੇ ਨਿਵਾਜਦੇ ਹੋਏ 40 ਮਿੰਟ ਦਾ ਸਮਾਂ ਦਿੱਤਾ ਗਿਆ। ਡਾ. ਮਿਗਲਾਨੀ ਨੇ ਦੱਸਿਆ ਕਿ ਕਾਨਫਰੰਸ ਦੇ ਦੌਰਾਨ ਬੱਚਿਆਂ ਵਿੱਚ ਪਾਈਆਂ ਜਾਣ ਵਾਲੀਆਂ ਪਿਸ਼ਾਬ ਦੇ ਨਾਲ ਸੰਬੰਧਿਤ ਬਿਮਾਰੀਆਂ ਦੀਆਂ ਸਰਜਰੀਆਂ ਸਬੰਧੀ ਬਰੀਕੀ ਨਾਲ ਦੱਸਿਆ ਗਿਆ। ਉਹਨਾਂ ਦੱਸਿਆ ਕਿ ਜਨਮ ਜਾਤ



ਬਿਮਾਰੀਆਂ ਦੇ ਇਲਾਜ ਸੰਭਵ ਹਨ ਬੱਚੇ ਦਾ ਪਿਸ਼ਾਬ ਵਾਲੀ ਸਹੀ ਜਗ੍ਹਾ ਦੀ ਜਗ੍ਹਾ ਦੂਸਰੀ ਜਗ੍ਹਾ ਸ਼ੇਕ ਹੋਣਾ ਜਾਂ ਨਾ ਵੀ ਹੋਣਾ ਇਸ ਲਈ ਕਾਫੀ ਧਿਆਨ ਦੇ ਨਾਲ ਹੋਣ ਵਾਲੀ ਸਰਜਰੀ ਦੀ ਜ਼ਰੂਰਤ ਹੁੰਦੀ ਹੈ। ਕਈ ਵਾਰੀ ਪਿਸ਼ਾਬ ਵਾਲੀ ਜਗ੍ਹਾ ਦਾ ਸ਼ੇਕ ਸਾਈਡ ਦੇ ਰਸਤੇ ਤੇ ਵੀ ਰਹਿ ਜਾਂਦਾ ਹੈ। ਅਜਿਹੇ ਹਾਲਾਤਾਂ ਦੇ ਵਿੱਚ ਹੋਣ ਵਾਲੀ ਸਰਜਰੀ ਦੇ ਤਜਰਬੇ ਨੂੰ ਵੱਖ-ਵੱਖ ਡਾਕਟਰਾਂ ਵਿੱਚ ਸਾਂਝਾ ਕੀਤਾ ਗਿਆ। ਇਸ ਮੌਕੇ ਤੇ ਡਾ. ਕਨਿਸ਼ਕਾ ਦਾਸ,ਡਾ.ਮੋਹਨ ਇਬਰਾਹਿਮ,ਡਾ.ਐਂਡਰੇ ਬਿਸਕੁਫ,ਡਾ.ਸੰਜੇ ਰਾਓ,ਡਾ.ਅਨੀਰੁਧ ਦੇਸ਼ ਪਾਂਡੇ,ਡਾ.ਇਮਰਾਨ ਮੁਸਤਾਕ ਸਮੇਤ ਦੇਸ਼ ਵਿਦੇਸ਼ਾਂ ਤੋਂ ਆਏ ਸੈਂਕੜੇ ਡਾਕਟਰ ਵੀ ਮੌਜੂਦ ਸਨ।

# ਅਮਰੀਕਾ ਤੋਂ ਡਿਪੋਰਟ ਹੋਏ ਭਾਰਤੀਆਂ ਨਾਲ ਅਣਮਨੁੱਖੀ ਸਲੂਕ ਨੂੰ ਰੋਕਣ 'ਚ ਨਾਕਾਮ ਰਹੀ ਮੋਦੀ ਸਰਕਾਰ - ਧਾਲੀਵਾਲ

ਫਗਵਾੜਾ ( ਸੁਸ਼ੀਲ ਸ਼ਰਮਾ ) ਆਲ ਇੰਡੀਆ ਕਾਂਗਰਸ ਕਮੇਟੀ ਦੀਆਂ ਹਦਾਇਤਾਂ 'ਤੇ ਕਾਂਗਰਸ ਪਾਰਟੀ ਨੇ ਅੱਜ ਹਲਕਾ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਫਗਵਾੜਾ 'ਚ ਮੋਦੀ ਸਰਕਾਰ ਦਾ ਪੁਤਲਾ ਫੂਕ ਕੇ ਜਬਰਦਸਤ ਰੋਸ ਮੁਜਾਹਰਾ ਕੀਤਾ। ਇਸ ਦੌਰਾਨ ਵਿਧਾਇਕ ਧਾਲੀਵਾਲ ਨੇ ਕਿਹਾ ਕਿ ਅਮਰੀਕਾ ਤੋਂ ਭਾਰਤੀਆਂ ਨੂੰ ਜਬਰੀ ਵਾਪਸ ਭੇਜਣ ਅਤੇ ਅਣਮਨੁੱਖੀ ਵਿਵਹਾਰ ਨੂੰ ਰੋਕਣ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਉਹਨਾਂ ਦੀ ਸਰਕਾਰ ਪੂਰੀ ਤਰ੍ਹਾਂ ਨਾਲ ਨਾਕਾਮ ਰਹੀ ਹੈ। ਉਹਨਾਂ ਕਿਹਾ ਕਿ ਮੋਦੀ ਕਹਿੰਦੇ ਹਨ ਕਿ ਟਰੰਪ ਉਹਨਾਂ ਦੇ ਜਿਗਰੀ ਦੋਸਤ ਹਨ। ਜੇਕਰ ਟਰੰਪ ਮੋਦੀ ਦੇ ਦੋਸਤ ਹਨ ਤਾਂ ਭਾਰਤੀਆਂ ਦੀ ਬੇਇੱਜਤੀ ਕਰਕੇ ਉਹਨਾਂ ਨੇ ਇਹ ਕਿਹੜੀ ਦੋਸਤੀ ਨਿਭਾਈ ਹੈ, ਇਸਦਾ ਜਵਾਬ ਦੇਸ਼ ਦੀ ਜਨਤਾ ਅੱਜ ਮੋਦੀ ਸਰਕਾਰ ਤੋਂ ਮੰਗਦੀ ਹੈ। ਸਮੂਹ ਕਾਂਗਰਸੀਆਂ ਵਲੋਂ ਭਾਜਪਾ ਸਰਕਾਰ ਵਿਰੁੱਧ ਜੋਰਦਾਰ ਨਾਅਰੇਬਾਜ਼ੀ ਵਿਚਕਾਰ ਵਿਧਾਇਕ ਧਾਲੀਵਾਲ ਨੇ ਕਿਹਾ ਕਿ ਅਮਰੀਕਾ ਤੋਂ ਡਿਪੋਰਟ ਕੀਤੇ ਗਏ 104 ਭਾਰਤੀਆਂ ਨੂੰ ਉੱਥੇ ਲੀਗਲ ਸਟੇਅ ਲਈ ਜਾਂ ਇੱਜਤ ਨਾਲ ਭਾਰਤ ਵਾਪਸੀ ਯਕੀਨੀ ਬਨਾਉਣ ਲਈ ਅਮਰੀਕਾ ਸਥਿਤ ਭਾਰਤੀ ਦੂਤਾਵਾਸ ਦੀ ਸਹਾਇਤਾ ਲੈਣੀ ਚਾਹੀਦੀ ਸੀ। ਉਨ੍ਹਾਂ ਕਿਹਾ ਕਿ ਭਾਰਤ ਪਰਤੇ ਨੌਜਵਾਨਾਂ ਨੇ ਜਿਸ ਤਰ੍ਹਾਂ ਆਪਣੇ ਘਰਾਂ ਵਿੱਚ ਪਹੁੰਚ ਕੇ ਜਹਾਜ ਵਿੱਚ ਹੱਥਕੜੀਆਂ ਤੇ ਪੈਰਾਂ ਵਿੱਚ ਜੰਜੀਰਾਂ ਲਗਾ ਕੇ ਲਿਆਂਦੇ ਜਾਣ ਦੀਆਂ ਦਾਸਤਾਨਾਂ ਸੁਣਾਈਆਂ ਹਨ ਉਹ ਬਹੁਤ ਹੀ ਤ੍ਰਾਸ਼ਦੀ ਵਾਲੀ ਗੱਲ ਹੈ। ਉਹਨਾਂ ਕਿਹਾ ਕਿ ਅਮਰੀਕਾ ਤੋਂ ਅੰਮ੍ਰਿਤਸਰ ਦੀ ਉਡਾਨ ਤਕਰੀਬਨ 17-18 ਘੰਟੇ ਦੀ, ਉਹ ਵੀ ਯਾਤਰੀ ਜਹਾਜ਼ ਨਾ ਹੋ ਕੇ ਫੌਜ ਦੇ ਮਾਲ ਢੋਣ ਵਾਲੇ ਜਹਾਜ ਵਿੱਚ ਹੋਵੇ ਅਤੇ ਉਪਰੋਂ ਹੱਥਕੜੀਆਂ ਤੇ ਬੇੜੀਆਂ ਲੱਗੀਆਂ ਹੋਣ ਤਾਂ ਇਸ ਤੋਂ ਵੱਡਾ ਤਸ਼ੱਦਦ ਕੋਈ ਹੋਰ ਨਹੀਂ ਹੋ ਸਕਦਾ। ਧਾਲੀਵਾਲ ਨੇ ਕਿਹਾ ਕਿ ਇਹ ਨੌਜਵਾਨ ਅਮਰੀਕਾ ਵਿੱਚ ਕਿਰਤ ਕਰਨ ਲਈ ਗਏ ਸਨ। ਉਹਨਾਂ ਨੇ ਕੋਈ ਸੰਗੀਨ ਜੁਰਮ ਨਹੀਂ ਕੀਤਾ ਸੀ ਜੋ ਅਪਰਾਧੀਆਂ ਵਰਗਾ ਵਤੀਰਾ ਕੀਤਾ ਗਿਆ। ਉਹਨਾਂ ਇਸ ਦੇ ਲਈ ਸਿੱਧੇ ਤੌਰ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਵਿਦੇਸ਼ ਮੰਤਰੀ ਜੈ ਸ਼ੰਕਰ ਨੂੰ ਜਿੰਮੇਵਾਰ ਠਹਿਰਾਇਆ ਅਤੇ ਕਿਹਾ ਕਿ ਭਾਰਤ ਸਰਕਾਰ ਦਾ ਫਰਜ਼ ਬਣਦਾ ਸੀ ਕਿ ਉਹ ਭਾਰਤੀਆਂ ਦੀ ਵਾਪਸੀ ਦਾ ਖ਼ੁਦ ਪ੍ਰਬੰਧ ਕਰਦੇ। ਇਸ ਮੌਕੇ ਵੱਡੀ ਗਣਤੀ ਵਿਚ ਕਾਂਗਰਸ ਪਾਰਟੀ ਦੇ ਅਹੁਦੇਦਾਰ, ਮੈਂਬਰ ਅਤੇ ਸਮਰਥਕ ਹਾਜਰ ਸਨ।



# ਰਿਹਾਇਸ਼ੀ ਭਲਾਈ ਸੰਸਥਾ ਸੂਰਿਆ ਸਿਟੀ ਸੰਨੀ ਇਨਕਲੇਵ ਖਰੜ ਦੀ ਮੀਟਿੰਗ ਹੋਈ



ਖਰੜ, ( ਕਾਲਾ ਸੰਘ ਸੈਣੀ )- ਸੂਰਿਆ ਸਿਟੀ ਸੰਨੀ ਇਨਕਲੇਵ ਖਰੜ ਵਿਖੇ ਰਿਹਾਇਸ਼ੀ ਭਲਾਈ ਸੰਸਥਾ ਦੀ ਮੀਟਿੰਗ ਦਾ ਆਯੋਜਨ ਕੀਤਾ ਗਿਆ। ਮੀਟਿੰਗ ਵਿੱਚ ਕਲੋਨੀ ਦੇ 65 ਤੋਂ ਵੱਧ ਵਸਨੀਕਾਂ ਨੇ ਹਾਜ਼ਰੀ ਲਗਵਾਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬਹਾਦਰ ਸਿੰਘ ਭੱਟੀ ਨੇ ਦੱਸਿਆ ਕਿ ਇਸ ਮੀਟਿੰਗ ਦੀ ਪ੍ਰਧਾਨਗੀ ਸੁਸਾਇਟੀ ਦੇ ਪ੍ਰਧਾਨ ਵਰਿੰਦਰ ਕੁਮਾਰ ਵੱਲੋਂ ਕੀਤੀ ਗਈ। ਇਸ ਮੀਟਿੰਗ ਵਿੱਚ ਸੰਸਥਾ ਵੱਲੋਂ ਹੁਣ ਤੱਕ ਦੇ ਕੀਤੇ ਗਏ ਕੰਮਾਂ ਦੀ ਵਿਸਥਾਰ ਪੂਰਵਕ ਸਮੀਖਿਆ ਕੀਤੀ ਗਈ ਅਤੇ ਸਾਲ 2025 ਲਈ ਸਪਸ਼ਟ ਰੋਡ ਮੈਪ ਪੇਸ਼ ਕੀਤਾ ਗਿਆ। ਇਸ ਮੌਕੇ ਵਸਨੀਕਾਂ ਨੂੰ ਦੱਸਿਆ ਗਿਆ ਕਿ ਸੂਰਿਆ ਸਿਟੀ ਨੂੰ ਮਿਊਸੀਪਲ ਕੌਂਸਲ ਖਰੜ ਵੱਲੋਂ ਟੇਕ ਓਵਰ ਕਰਨ ਸਬੰਧੀ ਜਿੱਥੇ ਲੋੜੀਂਦੇ ਦਸਤਾਵੇਜ, ਅਨੁਮਾਨਿਤ ਖਰਚੇ, ਹਾਈਕੋਰਟ ਵਿੱਚ ਕੇਸ ਦਾਖਲ ਕਰਨ ਦੀ ਮਨਜ਼ੂਰੀ ਅਤੇ ਪ੍ਰਸਿੱਧ ਵਕੀਲਾਂ ਦੀਆਂ ਸੇਵਾਵਾਂ ਲੈਣ ਸਬੰਧੀ ਲੋਕਾਂ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਪ੍ਰਧਾਨ ਵਰਿੰਦਰ ਕੁਮਾਰ ਵੱਲੋਂ ਸਾਰੇ ਵਸਨੀਕਾਂ ਨੂੰ ਆਰ.ਡਬਲਊ.ਏ. ਨਾਲ ਜੁੜਨ ਲਈ ਪ੍ਰੋਤਸਾਹਿਤ ਕੀਤਾ ਗਿਆ ਤੇ ਖਾਸ ਕਰਕੇ ਮਹਿਲਾਵਾਂ ਦੀ ਵੱਧ ਤੋਂ ਵੱਧ ਭਾਗੀਦਾਰੀ ਦੀ ਅਪੀਲ ਕੀਤੀ ਗਈ ਤਾਂ ਜੋ ਸੰਸਥਾ ਨੂੰ ਹੋਰ ਮਜ਼ਬੂਤ ਬਣਾਇਆ ਜਾ ਸਕੇ।ਮੀਟੰਗਾਂ ਵੱਚ ਪਾਣੀ ਦੀ ਸੰਭਾਲ ਅਤੇ ਪਾਲਤੂ ਕੁੱਤਿਆਂ ਦੀ ਸੰਭਾਲ ਲਈ ਵੀਂ ਵਚਾਰ ਵਟਾਂਦਰਾ ਕੀਤੀ ਗਈ। ਇਸ ਮੌਕੇ ਸੰਸਥਾ ਦੇ ਉਪ ਪ੍ਰਧਾਨ ਸੰਜੀਵ ਚੋਪੜਾ, ਸਟੇਜ ਸਕੱਤਰ ਰਾਜਵੀਰ ਸਿੰਘ, ਖਜਾਨਚੀ ਟੋਨੀ ਬੰਸਲ ਅਤੇ ਆਰ.ਡਬਲਊ.ਏ. ਕੋਰ ਕਮੇਟੀ ਦੇ ਮੈਂਬਰਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੋਸਾਇਟੀ ਦੇ ਵਸਨੀਕ ਹਾਜ਼ਰ ਸਨ।

# ਸ੍ਰੀ ਮੁਕਤਸਰ ਸਾਹਿਬ ਦੇ ਇਤਿਹਾਸਕ ਸਥਾਨਾਂ ਦੇ ਦਰਸ਼ਨਾਂ ਲਈ ਜਥੇਦਾਰ ਨਿਮਾਣਾ ਨੇ ਬੱਸਾਂ ਨੂੰ ਕੀਤਾ ਰਵਾਨਾ



ਲੁਧਿਆਣਾ (ਸੁਖਚੈਨ ਮਹਿਰਾ) ਗੁਰਦੂਆਰਾ ਸ੍ਰੀ ਗੁਰੂ ਸਿੰਘ ਸਭਾ ਸਾਹਿਬ ਜਵਾਹਰ ਨਗਰ,ਲੁਧਿਆਣਾ ਵਿਖੇ ਸ੍ਰੀ ਮੁਕਤਸਰ ਸਾਹਿਬ ਦੇ ਇਤਿਹਾਸਕ ਗੁਰਦੁਆਰਿਆਂ ਸਾਹਿਬ ਦੇ ਦਰਸ਼ਨਾਂ ਲਈ ਨੂੰ ਬਸਾਂ ਨੂੰ ਰਾਵਨਾ ਕਰਨ ਸਮੇਂ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਨੇ ਕਿਹਾ ਕਿ ਉਘੇ ਸਮਾਜ ਸੇਵੀ ਮਨਵਿੰਦਰ ਸਿੰਘ ਲਕੀ ਹਰ ਸਮੇਂ ਲੋੜਵੰਦਾਂ ਦੀ ਮਦਦ ਲਈ ਤੱਤਪਰ ਰਹਿੰਦੇ ਹਨ ਉਥੇ ਗੁਰੂ ਸਾਹਿਬ ਜੀ ਵੱਲੋਂ ਬਖਸ਼ੇ ਸਿਧਾਂਤ ਨਾਮ ਜਪੋ, ਕਿਰਤ ਕਰੋ, ਵੰਡ ਛਕੋ ਦੇ ਸਿਧਾਂਤ ਤੇ ਪਹਿਰਾ ਦਿੰਦੇ ਹੋਏ ਸੰਗਤਾਂ ਨੂੰ ਸਤਿਨਾਮ ਵਾਹਿਗੁਰੂ ਜੀ ਦਾ ਜਾਪ ਕਰਵਾਉਂਦੇ ਹੋਏ ਗੁਰ ਇਤਿਹਾਸਕ ਸਥਾਨਾਂ ਦੇ ਦਰਸ਼ਨ ਕਰਵਾਏ ਅਤੇ ਗੁਰ ਇਤਿਹਾਸ ਤੋਂ ਜਾਣੂ ਕਰਵਾਕੇ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗਣ ਲਈ ਪ੍ਰੇਰਿਤ ਕੀਤਾ। ਇਸ ਸਮੇਂ ਮਨਵਿੰਦਰ ਸਿੰਘ ਲਕੀ ਦੀ ਅਗਵਾਈ ਹੇਠ ਗੁਰਦੂਆਰਾ ਦਰਬਾਰ ਸਾਹਿਬ ਮੁਕਤਸਰ ਸਾਹਿਬ, ਗੁ; ਟਿੱਬੀ ਸਾਹਿਬ ਮੁਕਤਸਰ ਸਾਹਿਬ,ਗੁ: ਰਕਾਬ ਗੰਜ ਸਾਹਿਬ ਮੁਕਤਸਰ ਸਾਹਿਬ, ਗੁ: ਸ਼ਹੀਦ ਗੰਜ ਸਾਹਿਬ ਮੁਕਤਸਰ ਸਾਹਿਬ, ਗੁ: ਦਾਤਣ ਸਾਹਿਬ ਮੁਕਤਸਰ ਸਾਹਿਬ, ਗੁ: ਤਰਨ ਤਾਰਨ ਸਾਹਿਬ ਮੁਕਤਸਰ ਸਾਹਿਬ, ਗੁ: ਟੂਟੀ ਗੰਢੀ ਸਾਹਿਬ ਮੁਕਤਸਰ ਸਾਹਿਬ, ਗੁ; ਜਨਮ ਅਸਥਾਨ ਗੁਰੂ ਅੰਗਦ ਦੇਵ ਜੀ ਸਾਹਿਬ ਸਾਏ ਨਾਗਰਾ , ਗੁ: ਟਿੱਲਾ ਬਾਬਾ ਫਰੀਦ ਜੀ ਫ਼ਰੀਦਕੋਟ ਇਤਿਹਾਸਕ ਸਥਾਨਾਂ ਲਈ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਨੇ ਜੈਕਾਰਿਆ ਦੀ ਗੂੰਜ ਵਿੱਚ ਬਸਾਂ ਨੂੰ ਰਵਾਨਾ ਕੀਤਾ।

# ਨਗਰ ਨਿਗਮ ਅੰਮ੍ਰਿਤਸਰ ਵਿੱਚ ਯੂਨੀਅਨਾਂ ਦੀ ਹਨੇਰੀ



ਫ਼ਗਵਾੜਾ (ਸੁਸ਼ੀਲ ਸ਼ਰਮਾ) ਨਿੱਜੀ ਸਵਾਰਥਾਂ ਅਤੇ ਅਹੁਦੇਦਾਰੀਆਂ ਨੂੰ ਲੈ ਕੇ ਆਏ ਦਿਨ ਨਗਰ ਨਿਗਮ ਵਿੱਚ ਕੋਈ ਨਾ ਕੋਈ ਨਵੀਂ ਯੂਨੀਅਨ ਦਾ ਗਠਨ ਹੋ ਰਿਹਾ ਹੈ। ਪਹਿਲਾਂ ਤੋਂ ਹੀ ਤਿਆਰ ਕਰੀਬ ਦੋ ਦਰਜਨ ਯੂਨੀਅਨਾਂ ਤੋਂ ਬਾਅਦ ਹੁਣ ਅਧਿਕਾਰੀ ਵੀ ਪਿੱਛੇ ਨਹੀਂ ਰਹਿਣਾ ਚਾਹੁੰਦੇ ਹਨ। ਜਿਨਾਂ ਵੱਲੋਂ ਅਫਸਰ ਐਸੋਸੀਏਸ਼ਨ ਨਗਰ ਨਿਗਮ ਦਾ ਗਠਨ ਕੀਤਾ ਗਿਆ।

ਨਗਰ ਨਿਗਮ ਅੰਮ੍ਰਿਤਸਰ ਦੇ ਮੀਟਿੰਗ ਹਾਲ ਵਿਚ ਬੈਠਕ ਦੇ ਦੌਰਾਨ ਸਰਬ ਸੰਮਤੀ ਨਾਲ ਅ.ਫਸਰ ਐਸੋਸੀਏਸ਼ਨ ਨਗਰ ਨਿਗਮ ਦੀ ਚੋਣ ਕੀਤੀ ਗਈ। ਜਿਸ ਦੌਰਾਨ ਸਹਾਇਕ ਕਮਿਸ਼ਨਰ ਵਿਸ਼ਾਲ ਵਧਾਵਨ ਨੂੰ ਕਨਵੀਨਰ,ਸਿਹਤ ਅਧਿਕਾਰੀ ਡਾਕਟਰ ਯੋਗੇਸ਼ ਅਰੋੜਾ ਸਰਪ੍ਰਸਤ,ਐਕਸੀਅਨ ਐਸ.ਪੀ ਸਿੰਘ ਪ੍ਰਧਾਨ,ਚੀਫ ਸੈਕਟਰੀ ਇੰਸਪੈਕਟਰ ਵਿਜੇ ਗਿੱਲ ਜਨਰਲ ਸਕੱਤਰ, ਸਕੱਤਰ ਰਜਿੰਦਰ ਸ਼ਰਮਾ ਚੇਅਰਮੈਨ,ਚੀਫ ਸੈਂਟਰੀ ਇੰਸਪੈਕਟਰ ਸਰਬਜੀਤ ਸਿੰਘ ਉਪ ਚੇਅਰਮੈਨ, ਸੁਪਰਡੈਂਟ ਹਰਬੰਸ ਲਾਲ ਸੀਨੀਅਰ ਮੀਤ ਪ੍ਰਧਾਨ,ਸਿਹਤ ਅਧਿਕਾਰੀ ਡਾ.ਕਿਰਨ ਮੁੱਖ ਸਲਾਹਕਾਰ,ਸੁਪਰਡੈਂਟ ਦਵਿੰਦਰ ਸਿੰਘ ਬੱਬਰ ਅਤੇ ਐਸਡੀਓ ਰਵਿੰਦਰ ਸਿੰਘ ਗਿੱਲ ਸਲਾਹਕਾਰ,ਸੁਪਰਡੈਂਟ ਸਤਨਾਮ ਸਿੰਘ ਅਤੇ ਚੀਫ ਸੈਂਟਰੀ ਇੰਸਪੈਕਟਰ ਰਕੇਸ਼ ਮਰਵਾਹਾ ਕੈਸ਼ੀਅਰ,ਜੇ. ਈ ਮੇਜਰ ਸਿੰਘ ਮੀਤ ਪ੍ਰਧਾਨ, ਸਿਹਤ ਅਧਿਕਾਰੀ ਡਾ.ਰਮਾ ਅਤੇ ਇੰਸਪੈਕਟਰ ਸਤਿੰਦਰ ਸਿੰਘ ਸਕੱਤਰ, ਸੁਪਰਡੈਂਟ ਵਰਿੰਦਰ ਕੁਮਾਰ ਦਫਤਰੀ ਸਲਾਹਕਾਰ,ਸੁਪਰਡੈਂਟ ਪ੍ਰਦੀਪ ਰਾਜਪੂਤ ਚੀਫ ਸੈਂਟਰੀ ਇੰਸਪੈਕਟਰ ਰਣਜੀਤ ਸਿੰਘ ਚੀਫ ਸੈਕਟਰੀ ਇੰਸਪੈਕਟਰ ਸਾਹਿਲ ਮਲਹੋਤਰਾ ਪ੍ਰੈੱਸ ਸੈਕਟਰੀ, ਐਲ.ਏ ਅੰਮ੍ਰਿਤ ਸਿੰਘ ਕਨੂੰਨੀ ਸਲਾਹਕਾਰ,ਚੀਫ ਸੈਂਟਰੀ ਇੰਸਪੈਕਟਰ ਮਲਕੀਤ ਸਿੰਘ ਸੰਗਠਨ ਸਕੱਤਰ ਚੁਣੇ ਗਏ। ਇਹਨਾਂ ਤੋਂ ਇਲਾਵਾ ਸਹਾਇਕ ਟਾਊਨ ਪਲੈਨਰ ਪਰਮਿੰਦਰ ਸਿੰਘ,ਇੰਸਪੈਕਟਰ ਅਮਨਦੀਪ,ਇੰਸਪੈਕਟਰ ਸੀਤਾ ਰਾਮ,ਸੁਪਰਡੈਂਟ ਲਵਲੀਨ ਸ਼ਰਮਾ,ਸੁਪਰਡੈਂਟ ਰਾਜ ਕੁਮਾਰ,ਜੇ.ਈ ਨਵਦੀਪ ਸਿੰਘ,ਜੇ.ਈ ਵਿਸ਼ਵ ਭਾਰਤੀ ਨੂੰ ਐਗਜੀਕਿਊਟਿਵ ਮੈਂਬਰ ਨਿਯੁਕਤ ਕੀਤਾ ਗਿਆ। ਨਵੇਂ ਚੁਣੇ ਅਧਿਕਾਰੀਆਂ ਨੇ ਕਿਹਾ ਕਿ ਐਸੋਸੀਏਸ਼ਨ ਮੁਲਾਜ਼ਮਾਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਦਾ ਹੱਲ ਕਰਨ ਲਈ ਹਮੇਸ਼ਾ ਵਚਨਬੱਧ ਹੋਵੇਗੀ।

# ਦਿੱਲੀ ਵਾਸੀਆਂ ਨੇ ਆਪ ਦੇ ਫਰਜ਼ੀ ਵਿਕਾਸ ਮਾਡਲ ਨੂੰ ਨਕਾਰਿਆ-ਅਰਵਿੰਦ ਖੰਨਾ



ਫ਼ਗਵਾੜਾ (ਸੁਸ਼ੀਲ ਸ਼ਰਮਾ) ਭਾਰਤੀ ਜਨਤਾ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਅਰਵਿੰਦ ਖੰਨਾ ਨੇ ਕਿਹਾ ਕਿ ਦਿੱਲੀ ਵਾਸੀਆਂ ਨੇ ਆਮ ਆਦਮੀ ਪਾਰਟੀ ਦੇ ਫਰਜ਼ੀ ਵਿਕਾਸ ਮਾਡਲ ਨੂੰ ਬੁਰੀ ਤਰ੍ਹਾਂ ਨਕਾਰ ਦਿੱਤਾ ਹੈ। ਅੱਜ ਇੱਥੇ ਜਾਰੀ ਇੱਕ ਬਿਆਨ ਵਿੱਚ ਸ਼੍ਰੀ ਖੰਨਾ ਨੇ ਕਿਹਾ ਕਿ ਦਿੱਲੀ ਵਾਸੀਆਂ ਵੱਲੋਂ ਲਏ ਸ਼ਲਾਘਾਯੋਗ ਫੈਸਲੇ ਤੋਂ ਬਾਅਦ ਪੰਜਾਬ ਵਿੱਚ ਵੀ ਆਪ ਸਰਕਾਰ ਦੀ ਉਲਟੀ ਗਿਣਤੀ ਸ਼ੁਰੂ ਹੋ ਗਈ ਹੈ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਮਨ ਵਿੱਚ ਇੱਕ ਵੱਡਾ ਭਰਮ ਪੈਦਾ ਹੋ ਗਿਆ ਸੀ ਕਿ ਲੋਕ ਉਨ੍ਹਾਂ ਦੇ ਝੂਠੇ ਦਾਅਵਿਆਂ ਅਤੇ ਵਾਅਦਿਆਂ ਕਾਰਨ ਉਨ੍ਹਾਂ ਦੇ ਹੀ ਸਮਰਥਨ ਵਿੱਚ ਖੜ੍ਹੇ ਰਹਿਣਗੇ ਪਰ ਪੰਜਾਬ ਵਿੱਚ ਸਰਕਾਰ ਵੱਲੋਂ ਦਿੱਤੇ ਕੁਸਾਸ਼ਨ ਅਤੇ ਵਾਅਦਾ ਖਿਲਾ.ਫੀ ਨੇ ਉਸ ਦਾ ਅਸਲ ਚਿਹਰਾ ਨੰਗਾ ਕਰ ਦਿੱਤਾ ਹੈ। ਉਨ੍ਹਾਂ ਦਿੱਲੀ ਦੇ ਲੋਕਾਂ ਦੇ ਫੈਸਲੇ ਨੂੰ ਸਲਾਮ ਕਰਦਿਆਂ ਪੰਜਾਬ ਦੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਆਉਣ ਵਾਲੇ ਸਮੇਂ ਵਿੱਚ ਉਹ ਵੀ ਦਿੱਲੀ ਵਾਸੀਆਂ ਤੋਂ ਸੇਧ ਲੈਂਦੇ ਹੋਏ ਅਗਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਪੰਜਾਬ ਵਿੱਚੋਂ ਵੀ ਆਪ ਦਾ ਬੋਰੀਆਂ-ਬਿਸਤਰਾ ਗੋਲ ਕਰਨ ਦੀ ਤਿਆਰੀ ਕਰਨ।

ਸ਼੍ਰੀ ਖੰਨਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਦੀ ਅਗਵਾਈ ਹੇਠ ਦੇਸ਼ ਨੇ ਬਹੁ-ਪੱਖੀ ਵਿਕਾਸ ਦੀ ਰਫ਼ਤਾਰ ਫੜ੍ਹੀ ਹੋਈ ਹੈ, ਜਿਸ ਕਾਰਨ ਜ਼ਰੂਰਤ ਹੈ ਕਿ ਪੰਜਾਬ ਵਿੱਚ ਭਾਜਪਾ ਦੀ ਅਗਵਾਈ ਹੇਠ ਸਰਕਾਰ ਬਣੇ।ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਹੀ ਦੇਸ਼ ਹਿੱਤ ਵਿੱਚ ਇਮਾਨਦਾਰੀ ਨਾਲ ਫੈਸਲੇ ਲੈ ਸਕਦੀ ਹੈ ਜਦਕਿ ਦੂਜੀਆਂ ਪਾਰਟੀਆਂ ਇਮਾਨਦਾਰੀ ਦਾ ਫਰਜ਼ੀ ਚੋਲਾ ਪਹਿਣਕੇ ਲੋਕਾਂ ਨੂੰ ਗੁੰਮਰਾਹ ਕਰਨ ਵਿੱਚ ਲੱਗੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਫਰਜ਼ੀ ਇਮਾਨਦਾਰੀ ਦੇ ਚੋਲੇ ਦਾ ਖੁਲਾਸਾ ਉਸ ਸਮੇਂ ਹੋ ਗਿਆ ਸੀ ਜਦੋਂ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਆਪਣੀਆਂ ਭ੍ਰਿਸ਼ਟ ਨੀਤੀਆਂ ਦੇ ਕਾਰਨ ਪੁਲਿਸ ਦੇ ਹੱਥ ਚੜ੍ਹੇ ਸਨ। ਉਨ੍ਹਾਂ ਕਿਹਾ ਕਿ ਇਸ ਪਾਰਟੀ ਨੇ ਪੰਜਾਬ ਵਿੱਚ ਵੀ ਇਮਾਨਦਾਰੀ ਦੀ ਆੜ ਵਿੱਚ ਭ੍ਰਿਸ਼ਟਾਚਾਰ ਨੂੰ ਉਤਸ਼ਾਹਿਤ ਕੀਤਾ ਹੈ।

# ਕੁੱਲ ਹਿੰਦ ਰਾਜ ਸਰਕਾਰੀ ਮੁਲਾਜ਼ਮ ਫੈਡਰੇਸ਼ਨ ਦੇ ਸੱਦੇ ਤੇ ਪ.ਸ.ਸ.ਫ.ਵਲੋਂ ਦੋ ਦਿਨਾਂ ਜ਼ਿਲ੍ਹਾ ਪੱਧਰੀ ਧਰਨਾ ਸਮਾਪਤ



ਫ਼ਗਵਾੜਾ (ਸੁਸ਼ੀਲ ਸ਼ਰਮਾ) ਕੁੱਲ ਹਿੰਦ ਰਾਜ ਸਰਕਾਰੀ ਮੁਲਾਜ਼ਮ ਫੈਡਰੇਸ਼ਨ ਦੇ ਸੱਦੇ ਤੇ ਪ.ਸ.ਸ ਫ.ਵਲੋਂ 07 ਅਤੇ 08 ਫਰਵਰੀ ਨੂੰ ਜ਼ਿਲ੍ਹਾ ਪੱਧਰ ਤੇ ਦਿਨ-ਰਾਤ ਦੇ ਧਰਨੇ ਆਯੋਜਿਤ ਕੀਤੇ ਜਾ ਰਹੇ ਹਨ। ਇਹਨਾਂ ਦੋ ਰੋਜ਼ਾ ਧਰਨੇ ਦੇ ਦੂਸਰੇ ਦਿਨ ਅੱਜ ਕਰਨੈਲ ਫਿਲੌਰ ਅਤੇ ਪ੍ਰੇਮ ਖਲਵਾੜਾ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਦੇ ਦ.ਫਤਰ ਅੱਗੇ ਪੁੱਡਾ ਗਰਾਉਂਡ ਜਲੰਧਰ ਵਿਖੇ ਲਗਾਤਾਰ ਦੂਸਰੇ ਦਿਨ ਵੀ ਜਾਰੀ ਆਯੋਜਿਤ ਕੀਤਾ ਗਿਆ। ਧਰਨੇ ਨੂੰ ਸੰਬੋਧਨ ਕਰਦਿਆਂ ਪ.ਸ.ਸ.ਫ.ਦੇ ਸੂਬਾ ਜਨਰਲ ਸਕੱਤਰ ਅਤੇ ਰਾਜ ਸਰਕਾਰੀ ਮੁਲਾਜ਼ਮ ਫੈਡਰੇਸ਼ਨ ਭਾਰਤ ਦੇ ਕੇਂਦਰੀ ਕਮੇਟੀ ਮੈਂਬਰ ਤੀਰਥ ਸਿੰਘ ਬਾਸੀ ਨੇ ਦੱਸਿਆ ਕਿ ਇਹ ਧਰਨੇ ਕੇਂਦਰ ਅਤੇ ਰਾਜ ਆਯੋਜਿਤ ਕੀਤੇ ਗਏ ਸਰਕਾਰ ਦੀਆ ਮੁਲਾਜ਼ਮ ਵਿਰੋਧੀ ਨੀਤੀਆਂ ਨੂੰ ਲੈਕੇ ਕੀਤੇ । ਇਹਨਾਂ ਧਰਨਿਆਂ ਅੰਦਰ ਪੀ.ਐਫ.ਆਰ.ਡੀ.ਏ.ਨੂੰ ਰੱਦ ਕਰਕੇ ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ,ਸਾਰੇ ਠੇਕਾ ਮੁਲਾਜ਼ਮਾਂ ਨੂੰ ਰੈਗੂਲਰ ਕੀਤਾ ਜਾਵੇ, ਜਨਤਕ ਅਦਾਰਿਆਂ ਦਾ ਨਿੱਜੀਕਰਨ / ਨਿਗਮੀਕਰਨ ਅਤੇ ਸਰਕਾਰੀ ਵਿਭਾਗਾਂ ਦੀ ਆਕਾਰ ਘਟਾਈ ਬੰਦ ਕੀਤੀ ਜਾਵੇ, ਅੱਠਵੇਂ ਤਨਖਾਹ ਕਮਿਸ਼ਨ ਦਾ ਗਠਨ ਕੀਤਾ ਜਾਵੇ,ਪੈਡਿੰਗ ਡੀ.ਏ.ਦੀਆਂ ਕਿਸ਼ਤਾਂ ਅਤੇ ਜ਼ਬਤ ਕੀਤੇ ਗਏ ਡੀ.ਏ.ਦੇ ਬਕਾਏ ਜਾਰੀ ਕੀਤੇ ਜਾਣ, ਠੇਕਾ ਮੁਲਾਜ਼ਮਾਂ,ਪੈਨਸ਼ਨਰਾਂ ਅਤੇ ਮੁਲਾਜ਼ਮਾਂ ਲਈ ਸਭ ਲਈ ਹਸਪਤਾਲਾਂ ਵਿੱਚ ਕੈਸ਼ਲੈਸ ਹੈਲਥ ਸਕੀਮ ਨੂੰ ਯਕੀਨ ਬਣਾਉਣ ਲਈ ਸਿਹਤ ਬੀਮਾ ਯੋਜਨਾ ਸ਼ੁਰੂ ਕੀਤੀ ਜਾਵੇ, ਕੌਮੀ ਸਿੱਖਿਆ ਨੀਤੀ ਐਨ. ਈ.ਪੀ.ਵਾਪਸ ਕੀਤੀ ਜਾਵੇ। ਸੰਵਿਧਾਨ ਦੀਆਂ ਧਾਰਾ 310 ਅਤੇ 311(2) ਨੂੰ ਰੱਦ ਕੀਤਾ ਜਾਵੇ,ਸੰਵਿਧਾਨ ਵਿੱਚ ਦਰਜ ਧਰਮ ਨਿਰਪੱਖਤਾ ਦੀ ਰਾਖੀ ਕੀਤੀ ਜਾਵੇ। ਕੇਂਦਰ ਰਾਜ ਨੀਤੀ ਸਬੰਧਾਂ ਨੂੰ ਮੁੜ ਪ੍ਰਭਾਸ਼ਿਤ ਕੀਤਾ ਜਾਵੇ। ਇਨਕਮ ਟੈਕਸ ਦੀ ਛੋਟ ਹੱਦ ਵਧਾ ਕੇ 15 ਲੱਖ ਤੱਕ ਦਿੱਤੀ ਜਾਵੇ। ਇਸ ਮੌਕੇ ਬਲਜੀਤ ਸਿੰਘ ਕੁਲਾਰ,ਜਤਿੰਦਰ ਸਿੰਘ, ਜਸਵੀਰ ਸਿੰਘ,ਹਰਮਨਜੋਤ ਸਿੰਘ ਆਹਲੂਵਾਲੀਆਂ,ਰਤਨ ਸਿੰਘ ਗੁਰਾਇਆ, ਕੁਲਵੰਤ ਰੁੜਕਾ,ਸ਼ੁਸ਼ੀਲ ਕੁਮਾਰ,ਸੁਖਵਿੰਦਰ ਰਾਮ, ਕਰਨੈਲ ਸਿੰਘ ਮਾਹਲਾ,ਮੁਲਖ ਰਾਜ,ਵੇਦ ਰਾਜ,ਰਾਜੇਸ਼ ਭੱਟੀ, ਪਰਦੀਪ ਕੁਮਾਰ, ਕੁਲਦੀਪ ਵਾਲੀਆਂ, ਰਾਕੇਸ਼ ਠਾਕੁਰ,ਰਮਨ ਕੁਮਾਰ, ਰਵਿੰਦਰ ਕੁਮਾਰ,ਪਿਆਰਾ ਸਿੰਘ,ਜਸਵਿੰਦਰ ਟਾਹਲੀ, ਸਿਮਰਜੀਤ ਪਸਲਾ,ਕਮਲਜੀਤ,ਚਰਨਜੀਤ ਮਾਹਲਾ ਆਦਿ ਹਾਜ਼ਰ ਸਨ।

# ਦਿੱਲੀ ਵਿੱਚੋ ਝੂਠ ਦਾ ਅਧਿਆਏ ਖ਼ਤਮ



ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਭਾਜਪਾ ਦੇ ਸੀਨੀਅਰ ਲੀਡਰ ਜੀਵਨ ਗੁਪਤਾ ਨੇ ਦਿੱਲੀ ਵਿਧਾਨ ਸਭਾ ਚੋਣਾ ਵਿੱਚ ਭਾਜਪਾ ਦੀ ਜਿੱਤ ਤੇ ਖ਼ੁਸ਼ੀ ਦਾ ਇਜ਼ਹਾਰ ਕਰਦਿਆਂ ਤੇ ਭਾਜਪਾ ਵਰਕਰਾ ਨੂੰ ਵਧਾਈਆ ਦਿੰਦੇ ਕਿਹਾ ਕਿ ਦਿੱਲੀ ਵਿੱਚੋਂ ਝੂਠ ਦਾ ਅਧਿਆਏ ਖ਼ਤਮ ਹੋ ਗਿਆ ਹੈ,ਇਸ ਲਈ ਦਿੱਲੀ ਵਾਸੀਆਂ ਨੂੰ ਹਾਰਦਿਕ ਵਧਾਈਆ ਤੇ ਬਹੁਤ-ਬਹੁਤ ਧੰਨਵਾਦ ,ਉਹਨਾ ਕਿਹਾ ਕਿ ਹੁਣ ਪੰਜਾਬ ਦੀ ਵਾਰੀ ਹੈ,ਪੰਜਾਬੀ ਵੀ ਭਾਜਪਾ ਨੂੰ ਮੌਕਾ ਦੇਣਗੇ,ਜੀਵਨ ਗੁਪਤਾ ਨੇ ਕਿਹਾ ਕਿ ਕੇਜਰੀਵਾਲ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਦਿੱਲੀ ਦੀ ਜਨਤਾ ਨੂੰ ਸਾਫ ਸੁਥਰਾ ਪਾਣੀ ਤੇ ਹੋਰ ਲੋੜੀਦੀਆਂ ਸਹੂਲਤਾ ਮੁਹੱਈਆ ਕਰਵਾਉਣ ਵਿੱਚ ਨਾਕਾਮ ਸਾਬਿਤ ਹੋਈ,ਸਿਰਫ ਸਰਾਬ ਦਾ ਪ੍ਰਚਾਰ ਕਰਨ ਵਿਚ ਮਸਤ ਰਹੀ।ਉਹਨਾ ਕਿਹਾ ਕਿ ਦਿੱਲੀ ਦੀ ਭਾਜਪਾ ਸਰਕਾਰ ਦਿੱਲੀ ਵਾਸੀਆਂ ਦੀਆਂ ਉਮੀਦਾਂ ਤੇ ਖਰਾ ਉਤਰੇਗੀ ਤੇ ਦਿੱਲੀ ਦਾ ਵਿਕਾਸ ਕਰੇਗੀ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਕਮਲਾ ਨਹਿਰੂ ਪਬਲਿਕ ਸਕੂਲ ਵਿਖੇ ਆਈ.ਕੇ.ਸਰਦਾਨਾ ਐਕਸੀਲੈਂਸ ਅਵਾਰਡ ਦੀ ਮੇਜ਼ਬਾਨੀ ਕੀਤੀ ਗਈ




ਫ਼ਗਵਾੜਾ (ਸੁਸ਼ੀਲ ਸ਼ਰਮਾ) ਕਮਲਾ ਨਹਿਰੂ ਪਬਲਿਕ ਸਕੂਲ ਨੇ ਅੱਜ ਆਪਣੇ ਸਾਲਾਨਾ ਇਨਾਮ ਵੰਡ ਸਮਾਰੋਹ ਦੀ ਮੇਜ਼ਬਾਨੀ ਕੀਤੀ,ਜਿਸ ਵਿੱਚ 76 ਸ਼ਾਨਦਾਰ ਵਿਦਿਆਰਥੀਆਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਦਾ ਜਸ਼ਨ ਉਨ੍ਹਾਂ ਦੇ ਮਾਣਮੱਤੇ ਮਾਪਿਆਂ ਦੀ ਮੌਜੂਦਗੀ ਵਿੱਚ ਮਨਾਇਆ ਗਿਆ। ਇਸ ਸਮਾਗਮ ਦੀ ਸ਼ੁਰੂਆਤ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ਼੍ਰੀ ਪੰਕਜ ਸਰਦਾਨਾ ਅਤੇ ਪ੍ਰਿੰਸੀਪਲ (ਐਡਮਿਨ ਅਤੇ ਇਨੋਵੇਸ਼ਨ) ਸ਼੍ਰੀਮਤੀ ਪੀ.ਕੇ.ਢਿੱਲੋਂ ਨੇ ਕੀਤੀ,ਜਿੰਨ੍ਹਾਂ ਨੇ ਹੋਣਹਾਰ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸਮਰਪਣ ਅਤੇ ਉੱਤਮਤਾ ਲਈ ਸਨਮਾਨਿਤ ਕੀਤਾ।

ਆਪਣੇ ਸੰਬੋਧਨ ਵਿੱਚ ਸ਼੍ਰੀ ਸਰਦਾਨਾ ਨੇ ਮਾਪਿਆਂ ਦਾ ਦਿਲੋਂ ਧੰਨਵਾਦ ਕੀਤਾ,ਉਨ੍ਹਾਂ ਦੇ ਅਟੁੱਟ ਸਮਰਥਨ ਅਤੇ ਉਨ੍ਹਾਂ ਦੇ ਬੱਚਿਆਂ ਦੇ ਭਵਿੱਖ ਨੂੰ ਆਕਾਰ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨੂੰ ਸਵੀਕਾਰ ਕੀਤਾ। ਸਮਾਰੋਹ ਨੇ ਸੀ.ਬੀ.ਐਸ.ਈ.ਜਮਾਤ ਦਸਵੀਂ ਅਤੇ ਬਾਰਵੀਂ ਬੋਰਡ ਪ੍ਰੀਖਿਆਵਾਂ (ਸੈਸ਼ਨ 2023-24) ਵਿੱਚ ਵਿਅਕਤੀਗਤ ਵਿਸ਼ਿਆਂ ਵਿੱਚ ਸਭ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦੇ ਨਾਲ-ਨਾਲ ਕੁੱਲ ਮਿਲਾ ਕੇ 90% ਅਤੇ ਇਸ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ।

ਇਸ ਸਮਾਗਮ ਦੀ ਮੁੱਖ ਗੱਲ ਸ਼੍ਰੀ ਆਈ.ਕੇ.ਸਰਦਾਨਾ ਐਕਸੀਲੈਂਸ ਅਵਾਰਡ ਸੀ ਜੋ ਸ਼੍ਰੀ ਆਈ.ਕੇ.ਸਰਦਾਨਾ,ਇੱਕ ਮਿਸਾਲੀ ਨੇਤਾ,ਸਲਾਹਕਾਰ,ਸਮਾਜ ਸੇਵਕ ਅਤੇ ਕਮਲਾ ਨਹਿਰੂ ਪਬਲਿਕ ਸਕੂਲ ਦੇ ਸੰਸਥਾਪਕ ਪ੍ਰਧਾਨ ਦੀ ਯਾਦ ਵਿੱਚ ਸਥਾਪਿਤ ਕੀਤਾ ਗਿਆ ਸੀ । ਉਨ੍ਹਾਂ ਦੇ ਪੁੱਤਰ, ਸ਼੍ਰੀ ਪੰਕਜ ਸਰਦਾਨਾ ਦੁਆਰਾ ਪੇਸ਼ ਕੀਤਾ ਗਿਆ,ਇਹ ਪੁਰਸਕਾਰ ਇੱਕ ਦੂਰਦਰਸ਼ੀ ਦੀ ਵਿਰਾਸਤ ਦਾ ਸਨਮਾਨ ਕਰਦਾ ਹੈ ਜੋ ਸਿੱਖਿਆ ਦੀ ਪਰਿਵਰਤਨਸ਼ੀਲ ਸ਼ਕਤੀ ਵਿੱਚ ਵਿਸ਼ਵਾਸ ਰੱਖਦਾ ਸੀ। ਇਹ ਜਮਾਤ ਦਸਵੀਂ ਅਤੇ ਬਾਰਵੀਂ ਦੇ ਸਭ ਤੋਂ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਅਕਾਦਮਿਕ ਪ੍ਰਾਪਤੀਆਂ ਦੇ ਸਨਮਾਨ ਵਿੱਚ ਦਿੱਤਾ ਜਾਂਦਾ ਹੈ।

*ਮਿਸ ਹਿਮਾਂਸ਼ੀ ਵਰਮਾਨੀ, ਜਮਾਤ ਬਾਰਵੀਂ ਟਾਪਰ, ਨੂੰ 94.2% ਦੇ ਉਸਦੇ ਬੇਮਿਸਾਲ ਸਕੋਰ ਲਈ ₹50,000 ਨਾਲ ਸਨਮਾਨਿਤ ਕੀਤਾ ਗਿਆ।

*ਮਿਸ ਝਰਨਾ, ਜਮਾਤ ਦਸਵੀਂ ਟਾਪਰ, ਨੂੰ 96.6% ਦੀ ਉਸਦੀ ਸ਼ਾਨਦਾਰ ਪ੍ਰਾਪਤੀ ਲਈ ₹50,000 ਪ੍ਰਾਪਤ ਹੋਏ।

ਆਈ.ਕੇ.ਸਰਦਾਨਾ ਐਕਸੀਲੈਂਸ ਅਵਾਰਡ ਸਮਾਰੋਹ ਵਿਦਿਆਰਥੀਆਂ, ਉਨ੍ਹਾਂ ਦੇ ਪਰਿਵਾਰਾਂ ਅਤੇ ਪੂਰੇ ਕੇ.ਐਨ.ਪੀ. ਐਸ ਭਾਈਚਾਰੇ ਲਈ ਬਹੁਤ ਮਾਣ ਦਾ ਪਲ ਸੀ। ਅਕਾਦਮਿਕ ਉੱਤਮਤਾ ਅਤੇ ਸੰਪੂਰਨ ਵਿਕਾਸ ਪ੍ਰਤੀ ਆਪਣੀ ਅਟੁੱਟ ਵਚਨਬੱਧਤਾ ਦੇ ਨਾਲ,ਕਮਲਾ ਨਹਿਰੂ ਪਬਲਿਕ ਸਕੂਲ ਨੌਜਵਾਨ ਮਨਾਂ ਨੂੰ ਪਾਲਣ-ਪੋਸ਼ਣ ਅਤੇ ਸਸ਼ਕਤ ਬਣਾਉਣਾ ਜਾਰੀ ਰੱਖਦਾ ਹੈ, ਉਨ੍ਹਾਂ ਨੂੰ ਜੀਵਨ ਦੇ ਹਰ ਪਹਿਲੂ ਵਿੱਚ ਉੱਤਮਤਾ ਪ੍ਰਾਪਤ ਕਰਨ ਲਈ ਪ੍ਰੇਰਿਤ ਕਰਦਾ ਹੈ।

# ਦਿੱਲੀ ਨੂੰ ਮਿਲੀ ਕੇਜਰੀਵਾਲ ਦੀ 'ਆਪਦਾ' ਤੋਂ ਮੁਕਤੀ, ਹੁਣ ਹੋਵੇਗਾ ਵਿਕਾਸ : ਅਨੀਤਾ ਸੋਮ ਪ੍ਰਕਾਸ਼



ਫਗਵਾੜਾ ( ਸੁਸ਼ੀਲ ਸ਼ਰਮਾ ) ਭਾਰਤੀ ਜਨਤਾ ਪਾਰਟੀ ਦੇ ਸਮੂਹ ਵਰਕਰਾਂ ਨੇ ਅੱਜ ਸਥਾਨਕ ਗੋਲ ਚੌਂਕ ਵਿੱਚ ਲੱਡੂ ਵੰਡ ਕੇ 27 ਸਾਲ ਦੀ ਜਲਾਵਤਨੀ ਤੋਂ ਬਾਅਦ ਦਿੱਲੀ ਦੀ ਸੱਤਾ ਵਿੱਚ ਵਾਪਸੀ ਦਾ ਜਸ਼ਨ ਮਨਾਇਆ। ਇਸ ਦੌਰਾਨ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਦੀ ਧਰਮ ਪਤਨੀ ਸ੍ਰੀਮਤੀ ਅਨੀਤਾ ਸੋਮ ਪ੍ਰਕਾਸ਼ ਨੇ ਸਮੂਹ ਭਾਜਪਾ ਵਰਕਰਾਂ ਨੂੰ ਜਿੱਤ ਦੀ ਵਧਾਈ ਦਿੰਦਿਆਂ ਕਿਹਾ ਕਿ ਦਿੱਲੀ ਦੇ ਵੋਟਰਾਂ ਦੇ ਸਹਿਯੋਗ ਸਦਕਾ ਅੱਜ ਦਿੱਲੀ ਕੇਜਰੀਵਾਲ ਨਾਂ ਦੀ ਆਪਦਾ ਤੋਂ ਮੁਕਤ ਹੋ ਗਈ ਹੈ। ਹੁਣ ਦਿੱਲੀ ਦਾ ਸਰਬਪੱਖੀ ਵਿਕਾਸ ਹੋਵੇਗਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦਿੱਲੀ ਦੀ ਜਨਤਾ ਨਾਲ ਜੋ ਵੀ ਵਾਅਦੇ ਕੀਤੇ ਹਨ, ਉਨ੍ਹਾਂ ਨੂੰ ਪੂਰਾ ਕੀਤਾ ਜਾਵੇਗਾ। ਦਿੱਲੀ ਨੂੰ ਪ੍ਰਦੂਸ਼ਣ ਮੁਕਤ ਬਣਾਇਆ ਜਾਵੇਗਾ। ਦਿੱਲੀ ਦੀ ਸੁੰਦਰਤਾ 'ਤੇ ਦਾਗ ਬਣ ਕੇ ਖੜ੍ਹੇ ਕੂੜੇ ਦੇ ਪਹਾੜ ਹਟਾਏ ਜਾਣਗੇ। ਸਭ ਤੋਂ ਵੱਡੀ ਗੱਲ ਇਹ ਹੈ ਕਿ ਮਾਂ ਗੰਗਾ ਦੀ ਤਰ੍ਹਾਂ ਪਵਿੱਤਰ ਯਮੁਨਾ ਨਦੀ ਦੇ ਪਾਣੀ ਨੂੰ ਵੀ ਸਾਫ਼ ਕੀਤਾ ਜਾਵੇਗਾ। ਦਿੱਲੀ ਦੇ ਲੋਕਾਂ ਨੂੰ ਬਹੁਤ ਜਲਦੀ ਅਹਿਸਾਸ ਹੋ ਜਾਵੇਗਾ ਕਿ ਆਮ ਆਦਮੀ ਪਾਰਟੀ ਦੇ 10 ਸਾਲਾਂ ਦੇ ਸ਼ਾਸਨ ਦੌਰਾਨ ਉਨ੍ਹਾਂ ਨੇ ਆਪਣਾ ਕਿੰਨਾ ਨੁਕਸਾਨ ਕੀਤਾ ਹੈ। ਇਸ ਮੌਕੇ ਸਾਬਕਾ ਮੇਅਰ ਅਰੁਣ ਖੋਸਲਾ, ਰਾਜੀਵ ਪਾਹਵਾ, ਪਰਮਜੀਤ ਪੰਮਾ ਚਾਚੋਕੀ, ਪ੍ਰਦੀਪ ਆਹੂਜਾ, ਨਿਤਿਨ ਚੱਢਾ, ਹੈਪੀ ਬਰੋਕਰ ਸਮੇਤ ਵੱਡੀ ਗਿਣਤੀ ਵਿੱਚ ਭਾਜਪਾ ਆਗੂ ਤੇ ਵਰਕਰ ਹਾਜ਼ਰ ਸਨ।

# ਪਿੰਡ ਸਾਹਨੀ 'ਚ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਸਲਾਨਾ ਗਿਆਰਵੀਂ ਉਰਸ



ਫਗਵਾੜਾ ( ਸੁਸ਼ੀਲ ਸ਼ਰਮਾ ) ਧੰਨ ਧੰਨ ਨੂਰ-ਏ-ਖੁਦਾ ਦਰਬਾਰ ਬਾਬਾ ਮੰਗੂ ਸ਼ਾਹ ਪਿੰਡ ਸਾਹਨੀ (ਤਹਿ.ਫਗਵਾੜਾ) ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦੋ ਰੋਜ਼ਾ ਸਲਾਨਾ ਗਿਆਰਵੀਂ ਉਰਸ ਦਰਬਾਰ ਦੇ ਗੱਦੀ ਨਸ਼ੀਨ ਸਾਂਈ ਕਰਨੈਲ ਸ਼ਾਹ ਦੀ ਅਗਵਾਈ ਹੇਠ ਪ੍ਰਬੰਧ ਕਮੇਟੀ ਵਲੋਂ ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਪਹਿਲੇ ਦਿਨ ਸ਼ਾਮ ਸਮੇਂ ਚਰਾਗ਼ ਅਤੇ ਰਾਤ ਨੂੰ ਮਹਿੰਦੀ ਦੀ ਰਸਮ ਅਦਾ ਕੀਤੀ ਗਈ। ਦੂਸਰੇ ਦਿਨ ਸਵੇਰੇ 10 ਵਜੇ ਝੰਡੇ ਅਤੇ ਚਾਦਰ ਦੀ ਰਸਮ ਉਪਰੰਤ ਸਾਂਈ ਕਰਨੈਲ ਸ਼ਾਹ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਜਿਸ ਤੋਂ ਬਾਅਦ ਦੁਪਿਹਰ 1 ਵਜੇ ਸੰਗਤਾਂ 'ਚ ਕੜੀ ਦਾ ਪ੍ਰਸਾਦ ਸੇਵਾਦਾਰਾਂ ਵਲੋਂ ਸ਼ਰਧਾ ਪੂਰਵਕ ਵੰਡਿਆ ਗਿਆ। ਇਸ ਤੋਂ ਇਲਾਵਾ ਚਾਹ ਪਕੌੜੇ ਅਤੇ ਲੰਗਰ ਦੀ ਸੇਵਾ ਵੀ ਅਤੁੱਟ ਵਰਤਾਈ ਗਈ। ਰਾਤ ਨੂੰ ਮਹਿਫਿਲ-ਏ-ਕੱਵਾਲ ਸਜਾਈ ਗਈ। ਜਿਸ ਵਿੱਚ ਨਾਮਵਰ ਕੱਵਾਲ ਪਾਰਟੀਆਂ ਨੇ ਸੂਫੀਆਨਾ ਕਲਾਮ ਪੇਸ਼ ਕਰਦਿਆਂ ਮਹਿਫਿਲ ਨੂੰ ਰੁਹਾਨੀ ਰੰਗ ਵਿਚ ਰੰਗਿਆ। ਦੇਸ਼ ਵਿਦੇਸ਼ ਦੀਆਂ ਸੰਗਤਾਂ ਵਿਚ ਵੱਡੀ ਗਿਣਤੀ ਵਿਚ ਦਰਬਾਰ ਤੇ ਹਾਜਰੀ ਲਗਵਾਈ ਅਤੇ ਸਾਂਈ ਮੰਗੂ ਸ਼ਾਹ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਗੱਦੀ ਨਸ਼ੀਨ ਸਾਂਈ ਕਰਨੈਲ ਸ਼ਾਹ ਨੇ ਸਮੂਹ ਸੰਗਤਾਂ ਨੂੰ ਸਲਾਨਾ ਗਿਆਰਵੀਂ ਉਰਸ ਦੀ ਵਧਾਈ ਦਿੰਦਿਆਂ ਸਾਂਈ ਮੰਗੂ ਸ਼ਾਹ ਜੀ ਦੇ ਪਾਏ ਪੂਰਨਿਆਂ ਤੇ ਚੱਲਣ ਲਈ ਪ੍ਰੇਰਿਆ। ਉਹਨਾਂ ਸਮੂਹ ਸਹਿਯੋਗੀਆਂ ਦਾ ਤਹਿ ਦਿਲੋਂ ਧੰਨਵਾਦ ਵੀ ਕੀਤਾ। ਵੱਖ ਵੱਖ ਡੇਰਿਆਂ ਦੇ ਸੰਤਾਂ ਮਹਾਪੁਰਸ਼ਾਂ ਨੇ ਵੀ ਸੰਗਤਾਂ ਨੂੰ ਖੁੱਲ੍ਹੇ ਦਰਸ਼ਨ ਦੀਦਾਰ ਦਿੱਤੇ। ਇਸ ਮੌਕੇ ਬਾਬਾ ਮਲੰਗ ਜੀ ਸਾਹਨੀ, ਬਾਬਾ ਧੰਨਾ ਜੀ, ਬਾਬਾ ਭਾਰਤੀ, ਸਵਾਮੀ ਪਰਮਾਨੰਦ ਆਨੰਦ, ਰੇਖਾ ਸਵਾਮੀ, ਬੀਬੀ ਹਰਬੰਸ ਕੌਰ ਕੋਟ ਫਤੂਹੀ, ਬਾਬਾ ਸੁਰਿੰਦਰ ਕੁਮਾਰ ਫਗਵਾੜਾ, ਬਾਬਾ ਚਮਨ ਲਾਲ ਜਗਪਾਲਪੁਰ, ਬਾਬਾ ਰੇਸ਼ਮ ਸਿੰਘ, ਬਾਬਾ ਦਰਸ਼ਨ ਸਿੰਘ, ਬਾਬਾ ਗੁਰਬਚਨ ਲਾਲ, ਸਰਪੰਚ ਬੀਬੀ ਬਖਸ਼ਿੰਦਰ ਬਾਂਸਲ ਪਤਨੀ ਸੁਖਦੇਵ ਸਿੰਘ ਬਾਂਸਲ, ਮੇਜਰ ਸਿੰਘ, ਸਤਨਾਮ ਸਿੰਘ, ਰਾਮ ਸ਼ਰਨ, ਦਵਿੰਦਰ ਸਿੰਘ, ਮੋਨਿਕਾ ਸ਼ਰਮਾ, ਰਾਜਵਿੰਦਰ ਕੌਰ, ਜਸਵਿੰਦਰ ਕੌਰ, ਅਮਰੀਕ ਸਿੰਘ ਮੀਕਾ, ਮੇਜਰ ਸਿੰਘ, ਹਰਵਿੰਦਰ ਸਿੰਘ ਸਨੀ, ਗੁਰਵਿੰਦਰ ਸਿੰਘ ਗੋਪੀ, ਜੁਗਰਾਜ ਸਿੰਘ ਸਪੇਨ, ਅਵਤਾਰ ਸਿੰਘ ਕਾਹਲੋਂ, ਬੋਬੀ ਕਾਹਲੋਂ ਕਨੇਡਾ, ਸੁਖਜਿੰਦਰ ਕੁਮਾਰ, ਸ਼ਰਨ ਕਾਹਲੋਂ, ਕਰਨਜੀਤ ਸਿੰਘ, ਹਰਪ੍ਰੀਤ ਸਿੰਘ, ਸੋਨੀ ਸਾਹਨੀ, ਮੋਠੂ ਰਾਮ ਕੌਸ਼ਲ, ਜੱਗਾ, ਕੁਲਦੀਪ ਸ਼ੇਖੂਪੁਰ, ਰਵੀ ਕੁਮਾਰ, ਗੋਪੀ ਕਾਹਲੋਂ, ਵਿਕਾਸ ਕੌਸ਼ਲ, ਵਿੱਕੀ ਬਾਗਲਾ, ਬਹਾਦਰ ਸਿੰਘ, ਸਰਬਜੀਤ ਸਿੰਘ, ਬਲਵੀਰ ਸਿੰਘ ਬੰਗਾ, ਰਣਜੀਤ ਸਿੰਘ ਜੀਤਾ ਕਾਹਲੋਂ, ਜਰਨੈਲ ਸਿੰਘ, ਨਿਰਮਲ ਸਿੰਘ ਚੱਕ ਹਕੀਮ, ਜੋਵਨਜੀਤ, ਬੱਬੂ ਸੈਣੀ ਲੱਖਪੁਰ, ਨਰੇਸ਼ ਕੁਮਾਰ, ਸੇਵਾ ਰਾਮ, ਕੁਲਵੀਰ ਸਿੰਘ, ਇੰਦਰਜੀਤ ਸਿੰਘ ਕਾਹਲੋਂ, ਹਨੀ ਕੌਸ਼ਲ, ਚਮਨ ਲਾਲ ਕਾਲੂਪੁਰ, ਲਛਮਣ ਸਾਹਨੀ, ਸੁਰਿੰਦਰ ਸਿੰਘ, ਡੋਰੀ ਲਾਲ, ਹਰਦੀਪ ਸਿੰਘ, ਕਮਲਜੀਤ ਕੰਬਾ ਪ੍ਰੇਮਪੁਰ, ਰਾਜੂ ਢੋਲੀ, ਗੁਰਪ੍ਰੀਤ ਕਾਹਲੋਂ, ਸੂਬਾ ਸਿੰਘ ਸਾਹਨੀ, ਰਾਜਾ ਸਾਹਨੀ, ਰਣਜੀਤ ਸਿੰਘ ਕਾਹਲੋਂ, ਸਨੀ ਸਾਹਨੀ ਆਦਿ ਹਾਜਰ ਸਨ।

# ਭਾਜਪਾ ਨੇ ਸ਼ਿਲਪਾ ਚੱਢਾ ਦੀ ਅਗਵਾਈ ਹੇਠ ਲੱਡੂ ਵੰਡ ਕੇ ਸਾਂਝੀ ਕੀਤੀ ਦਿੱਲੀ 'ਚ ਰਿਕਾਰਡ ਜਿੱਤ ਦੀ ਖੁਸ਼ੀ



ਫਗਵਾੜਾ ( ਸੁਸ਼ੀਲ ਸ਼ਰਮਾ ) ਦਿੱਲੀ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਦੀ ਰਿਕਾਰਡ ਜਿੱਤ ਦਾ ਜਸ਼ਨ ਫਗਵਾੜਾ ਦੇ ਭਾਜਪਾ ਵਰਕਰਾਂ ਨੇ ਹਦੀਆਬਾਦ ਇਲਾਕੇ ਵਿੱਚ ਲੱਡੂ ਵੰਡ ਕੇ ਮਨਾਇਆ। ਇਸ ਦੌਰਾਨ ਸੀਨੀਅਰ ਭਾਜਪਾ ਆਗੂ ਅਨਿਤਾ ਸੋਮ ਪ੍ਰਕਾਸ਼ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ ਅਤੇ ਭਾਜਪਾ ਵਰਕਰਾਂ ਨਾਲ ਦਿੱਲੀ ਦੀ ਜਿੱਤ ਦੀ ਖੁਸ਼ੀ ਸਾਂਝੀ ਕੀਤੀ। ਇਸ ਮੌਕੇ ਗੱਲਬਾਤ ਕਰਦਿਆਂ ਭਾਜਪਾ ਆਗੂਆਂ ਸ਼ਿਲਪਾ ਚੱਢਾ ਅਤੇ ਨਿਤਿਨ ਚੱਢਾ ਨੇ ਕਿਹਾ ਕਿ ਦਿੱਲੀ ਦੇ ਲੋਕਾਂ ਨੇ ਬੇਈਮਾਨ ਪਾਰਟੀ ਨੂੰ ਸਬਕ ਸਿਖਾਇਆ ਹੈ। ਹੁਣ ਦਿੱਲੀ ਵਿੱਚ ਭਾਜਪਾ ਦੀ ਡਬਲ ਇੰਜਣ ਵਾਲੀ ਸਰਕਾਰ ਬਣੇਗੀ ਅਤੇ ਦੇਸ਼ ਦੀ ਰਾਜਧਾਨੀ ਦਾ ਸਰਬਪੱਖੀ ਵਿਕਾਸ ਹੋਵੇਗਾ। ਉਨ੍ਹਾਂ ਦਾਅਵਾ ਕੀਤਾ ਕਿ ਜਲਦੀ ਹੀ ਯਮੁਨਾ ਨਦੀ ਗੰਗਾ ਵਾਂਗ ਸਾਫ਼ ਹੋ ਜਾਵੇਗੀ ਅਤੇ ਦੇਸ਼ ਦੀ ਰਾਜਧਾਨੀ ਦੁਨੀਆ ਦੀ ਸਭ ਤੋਂ ਖੂਬਸੂਰਤ ਰਾਜਧਾਨੀ ਬਣੇਗੀ। ਇਸ ਮੌਕੇ ਵੱਡੀ ਗਿਣਤੀ ਵਿੱਚ ਭਾਜਪਾ

# ਦਿੱਲੀ ਤੋਂ ਹੋਈ ਆਮ ਆਦਮੀ ਪਾਰਟੀ ਦੇ ਪਤਨ ਦੀ ਸ਼ੁਰੂਆਤ : ਬਲਵਿੰਦਰ ਸਿੰਘ ਧਾਲੀਵਾਲ

ਫਗਵਾੜਾ (ਸੁਸ਼ੀਲ ਸ਼ਰਮਾ ) ਦਿੱਲੀ ਵਿਚ ਆਮ ਆਦਮੀ ਪਾਰਟੀ ਦੀ ਹੋਈ ਸ਼ਰਮਨਾਕ ਹਾਰ 'ਤੇ ਟਿੱਪਣੀ ਕਰਦਿਆਂ ਜਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਹਲਕਾ ਫਗਵਾੜਾ ਦੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਅੱਜ ਇਥੇ ਗੱਲਬਾਤ ਕਰਦਿਆਂ ਕਿਹਾ ਕਿ 2014 ਦੀਆਂ ਲੋਕਸਭਾ ਚੋਣਾਂ ਵਿਚ ਆਮ ਆਦਮੀ ਪਾਰਟੀ ਦਾ ਸੂਰਜ ਪੰਜਾਬ ਵਿਚ ਚਾਰ ਸੀਟਾਂ ਜਿੱਤ ਕੇ ਚੜ੍ਹਿਆ ਸੀ। ਜਿਸ ਤੋਂ ਬਾਅਦ ਕੇਜਰੀਵਾਲ ਦਾ ਦਸ ਸਾਲ ਤੱਕ ਦਿੱਲੀ ਦੀ ਸੱਤਾ 'ਤੇ ਕਬਜ਼ਾ ਰਿਹਾ ਅਤੇ ਘੋਟਾਲਿਆਂ ਨਾਲ ਜਨਤਾ ਨੂੰ ਠੱਗਿਆ। ਅੱਜ ਦਿੱਲੀ ਤੋਂ ਹੀ ਆਮ ਆਦਮੀ ਪਾਰਟੀ ਦਾ ਪਤਨ ਸ਼ੁਰੂ ਹੋ ਗਿਆ ਹੈ। ਜਿਸ ਦਾ ਸੂਰਜ ਬਹੁਤ ਜਲਦੀ ਪੰਜਾਬ ਦੀ ਧਰਤੀ 'ਤੇ ਡੁੱਬ ਜਾਵੇਗਾ। ਉਨ੍ਹਾਂ ਇਹ ਖਦਸ਼ਾ ਵੀ ਪ੍ਰਗਟਾਇਆ ਕਿ ਕੀ ਭਗਵੰਤ ਮਾਨ ਸਰਕਾਰ ਆਪਣਾ ਕਾਰਜਕਾਲ ਪੂਰਾ ਕਰ ਸਕੇਗੀ ਜਾਂ ਨਹੀਂ। ਉਨ੍ਹਾਂ ਕਿਹਾ ਕਿ ਅੱਜ ਦੀ ਹਾਰ ਕਾਰਨ ਆਮ ਆਦਮੀ ਪਾਰਟੀ ਦੇ ਵਰਕਰਾਂ ਦਾ ਹੀ ਨਹੀਂ ਸਗੋਂ ਆਗੂਆਂ ਤੇ ਮੰਤਰੀਆਂ ਦਾ ਵੀ ਮਨੋਬਲ ਟੁੱਟ ਗਿਆ ਹੈ। ਕਿਉਂਕਿ ਦਿੱਲੀ ਦੇ ਲੋਕਾਂ ਨੇ ਉਨ੍ਹਾਂ ਦੀ ਭ੍ਰਿਸ਼ਟ ਸਰਕਾਰ ਨੂੰ ਪੂਰੀ ਤਰ੍ਹਾਂ ਨਕਾਰ ਦਿੱਤਾ ਹੈ। ਪੰਜਾਬ ਵਿੱਚ ਹਾਲ ਹੀ ਵਿੱਚ ਹੋਈਆਂ ਨਿਗਮ ਚੋਣਾਂ ਦਾ ਜ਼ਿਕਰ ਕਰਦਿਆਂ ਧਾਲੀਵਾਲ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਦੇਖ ਲਿਆ ਹੈ ਕਿ ਨਿਗਮਾਂ 'ਤੇ ਕਾਬਜ਼ ਹੋਣ ਲਈ ਸਰਕਾਰੀ ਮਸ਼ੀਨਰੀ ਦੀ ਕਿਵੇਂ ਦੁਰਵਰਤੋਂ ਕੀਤੀ ਗਈ। ਸਾਰੇ ਕਾਇਦੇ-ਕਾਨੂੰਨਾਂ ਨੂੰ ਪਾਸੇ ਕਰ ਦਿੱਤਾ ਗਿਆ। ਫਗਵਾੜਾ ਅਤੇ ਅੰਮ੍ਰਿਤਸਰ ਵਿੱਚ ਕਾਂਗਰਸ ਨੂੰ ਬਹੁਮਤ ਮਿਲਣ ਦੇ ਬਾਵਜੂਦ ਕੌਂਸਲਰਾਂ ਨੂੰ ਉਨ੍ਹਾਂ ਦਾ ਸਮਰਥਨ ਹਾਸਲ ਕਰਨ ਲਈ ਡਰਾਇਆ-ਧਮਕਾਇਆ ਗਿਆ। ਜਿਸ ਲਈ ਪੰਜਾਬ ਦੇ ਲੋਕ ਭਗਵੰਤ ਮਾਨ ਸਰਕਾਰ ਨੂੰ ਕਦੇ ਮੁਆਫ ਨਹੀਂ ਕਰਨਗੇ। ਉਨ੍ਹਾਂ ਸੰਭਾਵਨਾ ਪ੍ਰਗਟਾਈ ਕਿ ਆਉਣ ਵਾਲੇ ਸਮੇਂ ਵਿੱਚ ਆਮ ਆਦਮੀ ਪਾਰਟੀ ਵਿੱਚ ਫੁੱਟ ਦਾ ਤੂਫਾਨ ਆਵੇਗਾ ਅਤੇ ਇਸ ਦਾ ਝਾੜੂ ਤਿਨਕਾ-ਤਿਨਕਾ ਹੋ ਜਾਵੇਗਾ। ਉਨ੍ਹਾਂ ਪੰਜਾਬ ਭਾਜਪਾ ਅਤੇ ਅਕਾਲੀ ਦਲ ਨੂੰ ਵੀ ਪੁੱਛਿਆ ਕਿ ਮੇਅਰ ਦੀ ਚੋਣ 'ਚ 'ਆਪ'



ਨੂੰ ਸਮਰਥਨ ਦੇਣ ਵਾਲੀਆਂ ਇਨ੍ਹਾਂ ਦੋਵਾਂ ਪਾਰਟੀਆਂ ਦੇ ਆਮ ਆਦਮੀ ਪਾਰਟੀ ਬਾਰੇ ਹੁਣ ਕੀ ਵਿਚਾਰ ਹਨ। ਕੀ ਉਹ ਹੁਣ ਵੀ ਭ੍ਰਿਸ਼ਟ 'ਆਪ' ਪਾਰਟੀ ਦੇ ਮੇਅਰਾਂ ਦਾ ਸਮਰਥਨ ਜਾਰੀ ਰੱਖਣਗੇ ਜਾਂ ਦਿੱਲੀ ਦੇ ਲੋਕਾਂ ਵਲੋਂ ਦਿੱਤੇ ਫਤਵੇ ਤੋਂ ਬਾਅਦ ਆਪਣੇ ਫੈਸਲੇ 'ਤੇ ਮੁੜ ਵਿਚਾਰ ਕਰਨਗੇ।

# ਲਾਇਨ ਗੁਰਦੀਪ ਸਿੰਘ ਕੰਗ ਦੀ ਅਗਵਾਈ ਹੇਠ ਕਰਵਾਇਆ 83ਵਾਂ ਰਾਸ਼ਨ ਵੰਡ ਸਮਾਗਮ

## * ਮੇਅਰ ਰਾਮਪਾਲ ਉੱਪਲ ਨੇ ਕਰਵਾਈ ਸ਼ੁਰੂਆਤ

ਫਗਵਾੜਾ ( ਸੁਸ਼ੀਲ ਸ਼ਰਮਾ ) ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਅਤੇ ਹਿਊਮਨ ਰਾਈਟਸ ਕੌਂਸਲ (ਇੰਡੀਆ) ਦੇ ਸ਼ਾਖਾ ਪ੍ਰਧਾਨ ਲਾਇਨ ਗੁਰਦੀਪ ਸਿੰਘ ਕੰਗ ਐਮ.ਜੇ.ਐਫ. ਵਲੋਂ ਬਾਬਾ ਬਾਲਕ ਨਾਥ ਸੇਵਾ ਸੰਮਤੀ ਦੇ ਸਹਿਯੋਗ ਨਾਲ ਸ਼ਿਵ ਸ਼ਕਤੀ ਮਾਤਾ ਮੰਦਰ ਜੋਸ਼ੀਆਂ ਮੁਹੱਲਾ ਫਗਵਾੜਾ ਵਿਖੇ 83ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਸ਼ਹਿਰ ਦੇ ਨਵ ਨਿਯੁਕਤ ਮੇਅਰ ਰਾਮਪਾਲ ਉੱਪਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਜਦਕਿ ਗੈਸਟ ਆਫ ਆਨਰ ਵਜੋਂ ਨਿਗਮ ਦੇ ਸੀਨੀਅਰ ਡਿਪਟੀ ਮੇਅਰ ਤੇਜਪਾਲ ਬਸਰਾ ਸ਼ਾਮਲ ਹੋਏ। ਉਹਨਾਂ ਤੋਂ ਇਲਾਵਾ ਕੌਂਸਲਰ ਜਸਦੇਵ ਸਿੰਘ, ਕੌਂਸਲਰ ਪੁੱਤਰ ਸੌਰਵ ਹਾਂਡਾ, ਕੈਲਾਸ਼ ਨਾਥ ਗੁਪਤਾ, ਕੈਲਾਸ਼ ਸ਼ਰਮਾ, ਹਰਮੇਸ਼ ਪਾਠਕ, ਬੱਬੂ ਮਨੀਲਾ, ਬਾਬਾ ਬਾਲਕ ਨਾਥ ਸੇਵਾ ਸੰਮਤੀ ਦੇ ਸਰਪ੍ਰਸਤ ਧਰਮਪਾਲ ਨਿਸ਼ਚਲ, ਸਰਪ੍ਰਸਤ ਐਸ.ਪੀ. ਬਸਰਾ ਸਮਾਜ ਸੇਵਕ, ਅਧਿਆਪਕ ਆਗੂ ਵਰਿੰਦਰ ਸਿੰਘ ਕੰਬੋਜ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਗਵਾਈ। ਮੁੱਖ ਮਹਿਮਾਨ ਰਾਮਪਾਲ ਉੱਪਲ ਨੇ 20 ਲੋੜਵੰਦ ਔਰਤਾਂ ਨੂੰ ਇੱਕ ਮਹੀਨੇ ਦਾ ਰਾਸ਼ਨ ਵੰਡਦਿਆਂ ਲਾਇਨ ਗੁਰਦੀਪ ਸਿੰਘ ਕੰਗ ਅਤੇ ਬਾਬਾ ਬਾਲਕ ਨਾਥ ਸੇਵਾ ਸੁਸਾਇਟੀ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅੰਨ ਦਾ ਦਾਨ ਸਭ ਤੋਂ ਵੱਡਾ ਦਾਨ ਹੈ। ਅਜਿਹੇ ਨੇਕ ਕਾਰਜ ਸਾਨੂੰ ਸਾਰਿਆਂ ਨੂੰ ਮਿਲਜੁਲ ਕੇ ਕਰਨੇ ਚਾਹੀਦੇ ਹਨ। ਹੋਰ ਬੁਲਾਰਿਆਂ ਨੇ ਵੀ ਗੁਰਦੀਪ ਸਿੰਘ ਕੰਗ ਅਤੇ ਬਾਬਾ ਬਾਲਕ ਨਾਥ ਸੇਵਾ ਸੁਸਾਇਟੀ ਵੱਲੋਂ ਸਮਾਜ ਸੇਵਾ ਵਿੱਚ ਪਾਏ ਯੋਗਦਾਨ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ। ਸੀਨੀਅਰ ਡਿਪਟੀ ਮੇਅਰ ਤੇਜਪਾਲ ਬਸਰਾ ਤੇ ਸਮਾਜ ਸੇਵੀ ਬੱਬੂ ਮਨੀਲਾ ਨੇ ਵੀ ਕਿਹਾ ਕਿ ਆਰਥਿਕ ਤੰਗੀ ਦੇ ਸ਼ਿਕਾਰ, ਬਿਮਾਰਾਂ ਅਤੇ ਬਜ਼ੁਰਗਾਂ ਦੀ ਸੇਵਾ ਕਰਨਾ ਸਮਾਜ ਦੇ ਸਾਰੇ ਯੋਗ ਵਿਅਕਤੀਆਂ ਦਾ ਫਰਜ਼ ਹੈ। ਹਰੇਕ ਵਿਅਕਤੀ





ਨੂੰ ਹਰ ਮਹੀਨੇ ਆਪਣੀ ਚੰਗੀ ਕਮਾਈ ਵਿੱਚੋਂ ਕੁਝ ਪੈਸਾ ਲੋੜਵੰਦਾਂ ਦੀ ਮਦਦ ਲਈ ਜ਼ਰੂਰ ਖਰਚ ਕਰਨਾ ਚਾਹੀਦਾ ਹੈ। ਲਾਇਨ ਗੁਰਦੀਪ ਸਿੰਘ ਕੰਗ ਵੱਲੋਂ ਮੇਅਰ ਰਾਮਪਾਲ ਉੱਪਲ ਅਤੇ ਸਮੂਹ ਪਤਵੰਤਿਆਂ ਨੂੰ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਵੀ ਕੀਤਾ ਗਿਆ। ਉਨ੍ਹਾਂ ਸਾਰਿਆਂ ਦਾ ਸਹਿਯੋਗ ਲਈ ਧੰਨਵਾਦ ਕਰਦਿਆਂ ਕਿਹਾ ਕਿ ਬਾਬਾ ਬਾਲਕ ਨਾਥ ਜੀ ਦੀ ਕਿਰਪਾ ਨਾਲ ਰਾਸ਼ਨ ਵੰਡਣ ਸਮੇਤ ਸਮਾਜ ਸੇਵਾ ਦਾ ਇਹ ਸਿਲਸਿਲਾ ਨਿਰੰਤਰ ਜਾਰੀ ਰਹੇਗਾ। ਸਟੇਜ ਦਾ ਸੰਚਾਲਨ ਲਾਇਨ ਸੁਸ਼ੀਲ ਸ਼ਰਮਾ ਨੇ ਹਮੇਸ਼ਾ ਦੀ ਤਰ੍ਹਾਂ ਬਾਖੂਬੀ ਕੀਤਾ। ਇਸ ਮੌਕੇ ਸ਼ਿਵ ਸ਼ਕਤੀ ਮਾਤਾ ਮੰਦਰ ਪ੍ਰਧਾਨ ਚੰਚਲ ਸੇਠ, ਕੈਸ਼ੀਅਰ ਕਿੱਟੀ ਬਸਰਾ, ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਦੇ ਪ੍ਰਧਾਨ ਲਾਇਨ ਸੰਜੀਵ ਸੂਰੀ, ਸਕੱਤਰ ਲਾਇਨ ਦਿਨੇਸ਼ ਖਰਬੰਦਾ, ਕੈਸ਼ੀਅਰ ਲਾਇਨ ਅਜੇ ਕੁਮਾਰ, ਲਾਇਨ ਸੁਮਿਤ ਭੰਡਾਰੀ, ਜਲ ਸੇਵਾ ਸੰਮਤੀ ਦੇ ਪ੍ਰਧਾਨ ਵਿਪਨ ਖੁਰਾਣਾ, ਪਵਨ ਕਲੂਚਾ, ਮਨੀਸ਼ ਕਨੌਜੀਆ, ਲਾਇਨ ਸੁਖਬੀਰ ਸਿੰਘ ਕਿੰਨੜਾ, ਰਸ਼ਮੀ ਕਾਲੜਾ, ਵਿਨੇ ਕੁਮਾਰ ਬਿੱਟੂ, ਰਿਜਨ ਚੇਅਰਮੈਨ ਲਾਇਨ ਹਰਮੇਸ਼ ਕੁਮਾਰ ਕੁਲਥਮ, ਪੰਕਜ ਚੱਢਾ, ਰਵੀ ਕੁਮਾਰ, ਲਾਇਨ ਵਿੱਕੀ ਚੁੰਬਰ, ਲਾਇਨ ਵਿਪਨ ਸ਼ਰਮਾ, ਪਵਨ ਚਾਵਲਾ, ਅਮਰਜੀਤ ਸਿੰਘ ਬਘਾਣਾ, ਅਨੂਪ ਦੁੱਗਲ, ਰਮੇਸ਼ ਕਪੂਰ, ਲਾਇਨ ਰਣਧੀਰ ਕਰਵਲ ਆਦਿ ਹਾਜ਼ਰ ਸਨ।

# ਯੂਥ ਵਾਇਸ ਫਾਊਂਡੇਸ਼ਨ ਵਲੋਂ ਲਗਾਏ ਕੈਂਪ ਦੌਰਾਨ 450 ਮਰੀਜਾਂ ਦੀਆਂ ਅੱਖਾਂ ਦਾ ਹੋਇਆ ਚੈੱਕਅਪ



ਫਗਵਾੜਾ ( ਸੁਸ਼ੀਲ ਸ਼ਰਮਾ ) ਸਮਾਜ ਸੇਵੀ ਸੰਸਥਾ ਯੂਥ ਵਾਇਸ ਫਾਊਂਡੇਸ਼ਨ ਸੁਸਾਇਟੀ ਵਲੋਂ ਐਸ. ਐਨ.ਜੇ ਚੈਰੀਟੇਬਲ ਟਰੱਸਟ ਯੂ.ਕੇ. ਅਤੇ ਸ਼ੰਕਰਾ ਆਈ ਫਾਊਂਡੇਸ਼ਨ ਹਸਪਤਾਲ ਲੁਧਿਆਣਾ ਦੇ ਸਹਿਯੋਗ ਨਾਲ ਰਾਮਗੜ੍ਹੀਆ ਇੰਸਟੀਚਿਊਟ ਆਫ ਹੈਲਥ ਸਾਇੰਸ ਐਂਡ ਰਿਸਰਚ, ਸਤਨਾਮਪੁਰਾ ਵਿਖੇ ਅੱਖਾਂ ਦਾ ਤੀਸਰਾ ਫਰੀ ਚੈਕਅਪ ਅਤੇ ਆਪ੍ਰੇਸ਼ਨ ਕੈਂਪ ਲਗਾਇਆ ਗਿਆ। ਜੱਥੇਬੰਦੀ ਦੇ ਪ੍ਰਧਾਨ ਗਗਨਦੀਪ ਸਿੰਘ ਢੱਠ ਦੀ ਅਗਵਾਈ ਹੇਠ ਆਯੋਜਿਤ ਕੈਂਪ ਦੌਰਾਨ ਮਾਹਿਰ ਡਾਕਟਰਾਂ ਦੀ ਟੀਮ ਨੇ ਕਰੀਬ 450 ਮਰੀਜਾਂ ਦੀਆਂ ਅੱਖਾਂ ਦਾ ਚੈਕਅਪ ਕੀਤਾ ਅਤੇ 90 ਮੋਤੀਆਬਿੰਦ ਦੇ ਮਰੀਜਾਂ ਨੂੰ ਆਪ੍ਰੇਸ਼ਨ ਲਈ ਚੁਣਿਆ ਗਿਆ। ਜਿਹਨਾਂ ਦੀਆਂ ਅੱਖਾਂ ਦੇ ਫਰੀ ਆਪ੍ਰੇਸ਼ਨ ਕਰਵਾ ਕੇ ਲੈਂਜ ਪਾਏ ਜਾਣਗੇ। ਕੈਂਪ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਪਹੁੰਚੇ ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਦੇ ਚੇਅਰਪਰਸਨ ਮਨਪ੍ਰੀਤ ਕੌਰ ਭੋਗਲ ਅਤੇ ਡਾਇਰੈਕਟਰ ਵਿਓਮਾ ਭੋਗਲ ਢੱਟ ਨੇ ਸਾਂਝੇ ਤੌਰ ਤੇ ਕੀਤਾ। ਉਹਨਾਂ ਦੇ ਨਾਲ ਐਸ.ਐਨ.ਜੇ. ਚੈਰੀਟੇਬਲ ਟਰੱਸਟ ਯੂ.ਕੇ ਤੋਂ ਨੀਨਾ ਜੁਲਕਾ, ਹੇਮੰਤ ਮਰਵਾਹਾ, ਅਨੂ ਜੋਸ਼ੀ ਤੇ ਜੈਨੀ ਮਰਫੀ ਵਿਸ਼ੇਸ਼ ਮਹਿਮਾਨਾਂ ਵਜੋਂ ਮੌਜੂਦ ਰਹੇ। ਪਤਵੰਤਿਆਂ ਨੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੇ ਉਪਰਾਲੇ ਲਗਾਤਾਰ ਜਾਰੀ ਰਹਿਣੇ ਚਾਹੀਦੇ ਹਨ। ਕਿਉਂਕਿ ਇਸ ਨਾਲ ਗਰੀਬ ਲੋੜਵੰਦ ਮਰੀਜਾਂ ਨੂੰ ਬਹੁਤ ਲਾਭ ਮਿਲਦਾ ਹੈ। ਫਾਊਂਡੇਸ਼ਨ ਦੇ ਪ੍ਰਧਾਨ ਗਗਨਦੀਪ ਸਿੰਘ ਢੱਟ ਨੇ ਦੱਸਿਆ ਕਿ ਯੂਥ ਵਾਇਸ ਫਾਊਂਡੇਸ਼ਨ ਸੁਸਾਇਟੀ ਪਿਛਲੇ ਚਾਰ ਸਾਲਾਂ ਤੋਂ ਸਿੱਖਿਆ, ਸਿਹਤ, ਕੰਪਿਊਟਰ ਕੋਰਸ ਪ੍ਰੋਗਰਾਮ ਅਤੇ ਲੋੜਵੰਦ ਪਰਿਵਾਰਾਂ ਨੂੰ ਭੋਜਨ ਪਰੋਸਣ ਵਰਗੇ ਬਹੁਤ ਸਾਰੇ ਖੇਤਰਾਂ ਵਿੱਚ ਸਰਗਰਮੀ ਦੇ ਨਾਲ ਕੰਮ ਕਰ ਰਹੀ ਹੈ। ਸੁਸਾਇਟੀ ਵਲੋਂ ਮੁੱਖ ਮਹਿਮਾਨ ਅਤੇ ਪਤਵੰਤਿਆਂ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਸੀ.ਐਲ.ਗੌਤਮ, ਗੁਰਵਿੰਦਰ ਬਾਹੜਾ, ਵਿਕਰਮ ਧੀਮਾਨ, ਜਸਕੀਰਤ ਤੂਰ, ਨੰਦ ਸੋਨੀ ਅਤੇ ਰਮਨ ਨਹਿਰਾ ਆਦਿ ਵੀ ਹਾਜਰ ਸਨ।

# ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਗੁਰਪੁਰਬ ਮੌਕੇ ਮਾਸ ਅਤੇ ਸ਼ਰਾਬ ਦੀਆਂ ਦੁਕਾਨਾਂ ਬੰਦ ਰੱਖਣ ਸਬੰਧੀ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦਿੱਤਾ



ਲੁਧਿਆਣਾ: -( ਸੁਖਚੈਨ ਮਹਿਰਾ, ) ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਆ ਰਹੇ 648ਵੇਂ ਪ੍ਰਕਾਸ਼ ਪੁਰਬ ਮੌਕੇ ਲੁਧਿਆਣਾ ਵਿੱਚ ਮਾਸ ਅਤੇ ਮੀਟ ਦੀਆਂ ਦੁਕਾਨਾਂ ਬੰਦ ਰੱਖਣ ਦੇ ਸਬੰਧੀ ਅੱਜ ਸਤਿਗੁਰੂ ਰਵਿਦਾਸ ਧਰਮ ਸਮਾਜ ਰਜਿ: ਸਰਧਸ ਪੰਜਾਬ ਦੇ ਆਹੁਦੇਦਾਰਾਂ ਵੱਲੋਂ ਪ੍ਰਧਾਨ ਆਨੰਦ ਕਿਸ਼ੋਰ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਬਲਵਿੰਦਰ ਬਿੱਟਾ, ਵਿਜੇ ਝੱਲੀ, ਗੁਰਪ੍ਰੀਤ ਲਾਲੀ, ਹਰਜਿੰਦਰ ਸੁਜਾਤਵਾਲ , ਦੀਪਕ ਸਾਂਪਲਾ ਦੀ ਅਗਵਾਈ ਵਿੱਚ ਲੁਧਿਆਣਾ ਦੇ ਐਡੀਸ਼ਨਲ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦਿੱਤਾ ਗਿਆ। ਅਤੇ ਇਸ ਮੌਕੇ ਐਡੀਸ਼ਨਲ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦਿੰਦਿਆਂ ਮੰਗ ਕੀਤੀ ਕਿ ਸਰਬ ਸਾਂਝੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਮੌਕੇ 11 ਫਰਵਰੀ ਨੂੰ ਸ਼ੋਭਾ ਯਾਤਰਾ ਨਿਕਾਲੀ ਜਾ ਰਹੀ ਹੈ ਅਤੇ 12 ਫਰਵਰੀ ਨੂੰ ਬਹੁਤ ਹੀ ਵੱਡੇ ਪੱਧਰ ਤੇ ਪ੍ਰਕਾਸ਼ ਦਿਹਾੜਾ ਮਨਾਇਆ ਜਾ ਰਿਹਾ ਹੈ। ਇਸ ਮੌਕੇ ਅਸੀਂ ਮੰਗ ਕਰਦੇ ਹਾਂ ਕਿ ਇਸ ਦਿਨ ਦੀ ਮਹੱਤਤਾ ਨੂੰ ਦੇਖਦੇ ਹੋਏ ਲੁਧਿਆਣਾ ਵਿੱਚ ਮੀਟ ਅਤੇ ਸ਼ਰਾਬ ਦੀਆਂ ਦੁਕਾਨਾਂ ਬੰਦ ਰੱਖੀਆਂ ਜਾਣ । ਇਸ ਮੌਕੇ ਸਤਿਗੁਰੂ ਰਵਿਦਾਸ ਧਰਮ ਸਮਾਜ ਰਜਿ: ਸਰਧਸ ਪੰਜਾਬ ਦੇ ਸਮੂਹ ਮੈਂਬਰ,ਚੇਅਰਮੈਨ ਸੋਮ ਨਾਥ ਹੀਰ, ਸਕੱਤਰ ਬਲਵਿੰਦਰ ਬਿੱਟਾ, ਕੈਸ਼ੀਅਰ ਵਿਜੇ ਝੱਲੀ, ਮੁੱਖ ਪ੍ਰਚਾਰ ਸਕੱਤਰ ਗੁਰਪ੍ਰੀਤ ਲਾਲੀ, ਹਰਜਿੰਦਰ ਸੁਜਾਤਵਾਲ, ਦੀਪਕ ਸਾਂਪਲਾ, ਬਲਵਿੰਦਰ ਜੱਸੀ, ਬਲਦੇਵ ਸਿੰਘ, ਪ੍ਰਦੀਪ ਕੁਮਾਰ, ਬਲਜੀਤ ਕੁਮਾਰ, ਮਨੀਸ਼ ਕੁਮਾਰ ਅਤੇ ਕੁਲਵਿੰਦਰ ਸਿੰਘ ਸਲੇਮ ਟਾਬਰੀ ਆਦਿ ਸਾਥੀ ਮੌਜੂਦ ਰਹੇ ।

# ਪੰਜਾਬ ਨੈਸ਼ਨਲ ਬੈਂਕ ਵੱਲੋਂ ਲੋਨ ਮੇਲਾ ਲਗਾਇਆ ਗਿਆ

ਧੂਰੀ, ( ਸੁਰਿੰਦਰ ਸਿੰਘ )-
ਪੰਜਾਬ ਨੈਸ਼ਨਲ ਬੈਂਕ ਵੱਲੋਂ ਅਨਿਲ ਐਨਕਲੇਵ ਧੂਰੀ ਵਿਖੇ ਹੋਮ ਲੋਨ ਮੇਲਾ ਲਗਾਇਆ ਗਿਆ, ਜਿਸ ਦਾ ਉਦਘਾਟਨ ਬੈਂਕ ਦੇ ਡੀਜੀਐਮ ਰਾਜੇਸ਼ ਅਰੋੜਾ ਨੇ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਸੰਗਰੂਰ ਸੰਦੀਪ ਰਿਸ਼ੀ ਅਤੇ ਐਸਡੀਐਮ ਧੂਰੀ ਵਿਕਾਸ ਹੀਰਾ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

ਇਸ ਮੌਕੇ ਸੰਗਰੂਰ ਦੇ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਨੇ ਪੰਜਾਬ ਨੈਸ਼ਨਲ ਬੈਂਕ ਵੱਲੋਂ ਕੀਤੇ ਜਾ ਰਹੇ ਇਸ ਯਤਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਗ੍ਰੀਨ ਊਰਜਾ ਨੂੰ ਉਤਸ਼ਾਹਿਤ ਕਰ ਰਹੀ ਹੈ। ਜਿਸ ਨਾਲ ਲੋਕ ਵੱਧ ਤੋਂ ਵੱਧ ਸੂਰਜੀ ਊਰਜਾ ਦੀ ਵਰਤੋਂ ਕਰਕੇ ਬਿਜਲੀ ਦੀ ਬੱਚਤ ਕਰ ਸਕਣ, ਇਸ ਲਈ ਕੇਂਦਰ ਸਰਕਾਰ ਵੱਲੋਂ 78000 ਤੱਕ ਦੀ ਸਬਸਿਡੀ ਵੀ ਦਿੱਤੀ ਜਾ ਰਹੀ ਹੈ।

ਡੀਜੀਐਮ ਰਾਜੇਸ਼ ਅਰੋੜਾ ਨੇ ਦੱਸਿਆ ਕਿ ਇਸ ਦੋ ਰੋਜ਼ਾ ਲੋਨ ਮੇਲੇ ਦਾ ਉਦੇਸ਼ ਲੋਕਾਂ ਨੂੰ ਘੱਟ ਵਿਆਜ ਦਰਾਂ ਤੇ ਹੋਮ ਲੋਨ ਦੇਣ ਅਤੇ ਕੇਂਦਰ ਸਰਕਾਰ ਦੀ ਪ੍ਰਧਾਨ ਮੰਤਰੀ ਸੂਰਿਆ ਘਰ ਮੁਫਤ ਬਿਜਲੀ ਯੋਜਨਾ ਤਹਿਤ ਹਰ ਘਰ ਲਈ ਸੋਲਰ ਪਾਵਰ ਪਲਾਂਟ ਸਥਾਪਤ ਕਰਨ ਲਈ ਉਤਸ਼ਾਹਤ ਕਰਨਾ ਹੈ। ਅਰੋੜਾ ਨੇ ਕਿਹਾ ਕਿ ਬੈਂਕ ਵੱਲੋਂ ਅੱਜ ਦੇਸ਼ ਭਰ ਦੇ 150 ਸ਼ਹਿਰਾਂ ਵਿੱਚ ਅਜਿਹੇ ਮੇਲੇ ਲਗਾਏ ਜਾ ਰਹੇ ਹਨ ਜਿਸ ਵਿੱਚ ਗਾਹਕਾਂ ਨੂੰ ਲੋਨ ਸਕੀਮਾਂ ਬਾਰੇ ਜਾਣਕਾਰੀ ਦੇਣ ਦੇ ਨਾਲ-ਨਾਲ ਸਾਰੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ । ਉਨ੍ਹਾਂ ਕਿਹਾ ਕਿ ਹੋਮ ਲੋਨ 8.40 ਵਿਆਜ ਤੇ ਦਿੱਤਾ ਜਾ ਰਿਹਾ ਹੈ, ਅਤੇ ਸੋਲਰ ਐਨਰਜੀ ਤੇ ਸਿਰਫ 7 ਵਿਆਜ ਲਿਤਾ ਜਾਵੇਗਾ। ਲੋਨ ਮੇਲੇ ਦੇ ਪਹਿਲੇ ਦਿਨ ਲਗਭਗ 40 ਗਾਹਕਾਂ ਨੇ ਕਰਜ਼ਾ ਲੈਣ ਲਈ ਅਰਜ਼ੀ ਦਿੱਤੀ ਹੈ, ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ ਲੋਕਾਂ ਨੂੰ ਜਲਦੀ



ਹੀ ਲੋਨ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪੰਜਾਬ ਨੈਸ਼ਨਲ ਬੈਂਕ ਵੱਲੋਂ ਹੋਮ ਲੋਨ ਤੋਂ ਇਲਾਵਾ ਪ੍ਰਾਈਵੇਟ ਲੋਨ, ਕਾਰ ਲੋਨ ਅਤੇ ਐਜੂਕੇਸ਼ਨ ਲੋਨ ਵੀ ਘੱਟ ਵਿਆਜ ਦਰਾਂ ਤੇ ਦਿੱਤੇ ਜਾ ਰਹੇ ਹਨ

ਇਸ ਮੌਕੇ ਬੈਂਕ ਦੇ ਸਥਾਨਕ ਬ੍ਰਾਂਚ ਮੈਨੇਜਰ ਗੌਰਵ ਮਿੱਤਲ, ਸਾਹਿਲ ਭਟੇਜਾ, ਮੈਡਮ ਸ਼ਿਲਪਾ, ਐਲ ਡੀ ਐਮ ਸੰਜੀਵ ਅਗਰਵਾਲ ਵੀ ਮੌਜੂਦ ਸਨ।

ਇਸ ਮੇਲੇ ਵਿੱਚ ਸੋਲਰ ਪਾਵਰ ਪਲਾਂਟ ਲਗਾਉਣ ਵਾਲੀਆਂ ਵੱਖ-ਵੱਖ ਕੰਪਨੀਆਂ ਤੋਂ ਇਲਾਵਾ ਸੀਮੈਂਟ ਅਤੇ ਸੈਂਟਰੀ ਦੇ ਸਮਾਨ ਦੀਆਂ ਸਟਾਲਾਂ ਵੀ ਲੱਗੀਆਂ ਹੋਈਆਂ ਸਨ ।

# ਕਾਨਪੁਰ ਚ ਬਿਠੂਰ ਚ ਮਿਲੇ ਪੁਰਸ਼ ਪਿੰਜਰ ਦੀ ਅਜੇ ਤੱਕ ਪਛਾਣ ਨਹੀਂ ਹੋ ਸਕੀ, ਪੁਲਸ ਜਾਂਚ ਚ ਜੁਟੀ ਹੈ।

ਕਾਨਪੁਰ ( ਸੁਨੀਲ ਬਾਜਪਾਈ) ਇੱਥੇ ਬਿਠੂਰ ਥਾਣਾ ਖੇਤਰ ਦੇ ਬੈਕੁੰਠਪੁਰ ਚ ਖੇਤਾਂ ਦੇ ਕੋਲ ਛੱਪੜ ਚ ਨਰ ਕੰਕਾਲ ਮਿਲਣ ਤੋਂ ਬਾਅਦ ਹੜਕੰਪ ਮਚ ਗਿਆ। ਉਸਦੀ ਪਹਿਚਾਣ ਨਾ ਹੋਣ ਦੀ ਸੂਰਤ ਵਿੱਚ ਪੁਲਿਸ ਉਸਨੂੰ ਪੋਸਟਮਾਰਟਮ ਲਈ ਭੇਜ ਰਹੀ ਹੈ ਅਤੇ ਘਟਨਾ ਦੀ ਜਾਂਚ ਵਿੱਚ ਜੁਟੀ ਹੋਈ ਹੈ। ਇਹ ਨਰ ਪਿੰਜਰ 27 ਜਨਵਰੀ ਨੂੰ ਬਰਾਮਦ ਹੋਇਆ ਸੀ।

ਪੁਲਿਸ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਚੌਬੇਪੁਰ ਥਾਣਾ ਖੇਤਰ ਦਾ ਰਹਿਣ ਵਾਲਾ ਰਣਜੀਤ ਕੁਰਿਲ ਬੈਕੁੰਠਪੁਰ ਦੇ ਬਾਹਰਵਾਰ ਖੇਤਾਂ ਵਿੱਚ ਕਣਕ ਦੀ ਫ਼ਸਲ ਨੂੰ ਆਵਾਰਾ ਪਸ਼ੂਆਂ ਤੋਂ ਬਚਾਉਣ ਲਈ ਗਿਆ ਹੋਇਆ ਸੀ। ਫਿਰ ਟਾਰਚ ਦੀ ਰੋਸ਼ਨੀ ਵਿਚ ਇਕ ਮਸ਼ਹੂਰ ਹੋਟਲ ਦੇ ਪਿਛਲੇ ਪਾਸੇ ਕਰੀਬ 400 ਮੀਟਰ ਦੀ ਦੂਰੀ ਤੇ ਛੱਪੜ ਵਿਚ ਇਕ ਮਨੁੱਖੀ ਪਿੰਜਰ ਦੇਖਿਆ ਗਿਆ।

ਇਸ ਤੋਂ ਬਾਅਦ ਰਣਜੀਤ ਵੱਲੋਂ ਦਿੱਤੀ ਸੂਚਨਾ ਤੇ ਥਾਣਾ ਬਿਠੂਰ ਦੇ ਇੰਸਪੈਕਟਰ ਅਟਲ ਸਿੰਘ ਨੇ ਮੌਕੇ ਤੇ ਪਹੁੰਚ ਕੇ ਪਿੰਡ ਵਾਸੀਆਂ ਤੋਂ ਜਾਣਕਾਰੀ ਲਈ। ਦੱਸਿਆ ਗਿਆ ਹੈ ਕਿ ਸ਼ਨਾਖਤ ਲਈ ਕੋਸ਼ਿਸ਼ਾਂ ਦੇ ਨਾਲ-ਨਾਲ ਘਟਨਾ ਦੀ ਲਗਾਤਾਰ ਜਾਂਚ ਕੀਤੀ ਜਾ ਰਹੀ ਹੈ।

ਦੱਸ ਦੇਈਏ ਕਿ ਇਸ ਤੋਂ ਪਹਿਲਾਂ ਵੀ ਕਈ ਕਤਲ ਕੀਤੀਆਂ ਲਾਸ਼ਾਂ ਬਰਾਮਦ ਹੋ ਚੁੱਕੀਆਂ ਹਨ। ਇਨ੍ਹਾਂ ਵਿੱਚੋਂ ਕਈਆਂ ਦੀ ਅੱਜ ਤੱਕ ਪਛਾਣ ਨਹੀਂ ਹੋ ਸਕੀ ਹੈ।

# ਮਹਾਰਿਸ਼ੀ ਦਯਾਨੰਦ ਸਰਸਵਤੀ ਦੀ ਦੂਜੀ ਜਨਮ ਸ਼ਤਾਬਦੀ ਅਤੇ ਆਰੀਆ ਸਮਾਜ ਦੇ ਸਥਾਪਨਾ ਦਿਵਸ ਸਮਾਰੋਹ ਦਾ ਸਮਾਪਨ ਬਹੁਤ ਧੂਮਧਾਮ ਨਾਲ ਹੋਇਆ।

ਚੰਡੀਗੜ੍ਹ। (ਲੋਕ ਬਾਣੀ) ਕੇਂਦਰੀ ਆਰੀਆ ਸਭਾ ਦੀ ਅਗਵਾਈ ਹੇਠ ਅਤੇ ਪ੍ਰਧਾਨ ਰਵਿੰਦਰ ਤਲਵਾੜ ਦੀ ਅਗਵਾਈ ਹੇਠ, ਮਹਾਂਰਿਸ਼ੀ ਦਯਾਨੰਦ ਸਰਸਵਤੀ ਦੀ ਦੂਜੀ ਜਨਮ ਸ਼ਤਾਬਦੀ ਅਤੇ ਆਰੀਆ ਸਮਾਜ ਸਥਾਪਨਾ ਦੇ 150 ਸਾਲ ਪੂਰੇ ਹੋਣ ਦੇ ਜਸ਼ਨ ਮਨਾਉਣ ਲਈ ਚੰਡੀਗੜ੍ਹ, ਪੰਚਕੂਲਾ, ਮੋਹਾਲੀ ਦੇ ਸਾਰੇ ਆਰੀਆ ਸਮਾਜਾਂ ਅਤੇ ਆਰੀਆ ਵਿਦਿਅਕ ਸੰਸਥਾਵਾਂ ਦੇ ਸਾਂਝੇ ਯਤਨਾਂ ਨਾਲ ਆਰੀਆ ਸਮਾਜ ਸੈਕਟਰ 7-ਬੀ, ਚੰਡੀਗੜ੍ਹ ਵਿਖੇ ਆਯੋਜਿਤ ਪ੍ਰੋਗਰਾਮ ਬਹੁਤ ਧੂਮਧਾਮ ਨਾਲ ਸਮਾਪਤ ਹੋਇਆ। ਮੁੱਖ ਸਮਾਰੋਹ ਦੌਰਾਨ, ਮਾਤਾ ਸੀਤਾ ਵੈਦਿਕ ਕੰਨਿਆ ਗੁਰੂਕੁਲ ਸ਼ਾਮਲੀ ਦੇ ਸੰਸਥਾਪਕ ਅਤੇ ਪ੍ਰਚਾਰਕ, ਆਚਾਰੀਆ ਪ੍ਰਗਤੀ ਭਾਰਤੀ ਨੇ ਕਿਹਾ ਕਿ ਮਹਾਰਿਸ਼ੀ ਦਯਾਨੰਦ ਨੇ ਔਰਤ ਲਿੰਗ ਨੂੰ ਉੱਚਾ ਚੁੱਕਿਆ ਸੀ। ਉਨ੍ਹਾਂ ਨੇ ਲੋਕਾਂ ਨੂੰ ਗਊ ਮਾਤਾ ਦੀ ਮਹੱਤਤਾ ਬਾਰੇ ਦੱਸਿਆ ਅਤੇ ਜਾਤ-ਅਧਾਰਤ ਵਿਤਕਰੇ ਨੂੰ ਦੂਰ ਕੀਤਾ। ਉਨ੍ਹਾਂ ਕਿਹਾ ਕਿ ਮਹਾਰਿਸ਼ੀ ਦਯਾਨੰਦ ਵਿੱਚ ਸੂਰਜ ਵਰਗੀ ਪ੍ਰਤਿਭਾ, ਧਰਤੀ ਵਰਗੀ ਸਹਿਣਸ਼ੀਲਤਾ ਅਤੇ ਅਸਮਾਨ ਜਿੰਨਾ ਵੱਡਾ ਦਿਲ ਸੀ। ਉਨ੍ਹਾਂ ਨੇ ਆਪਣਾ ਪੂਰਾ ਜੀਵਨ ਸਮਾਜ ਅਤੇ ਰਾਸ਼ਟਰ ਦੀ ਭਲਾਈ ਲਈ ਸਮਰਪਿਤ ਕਰ ਦਿੱਤਾ। ਉਨ੍ਹਾਂ ਕਿਹਾ ਕਿ ਜੇਕਰ ਦੁਨੀਆਂ ਨੂੰ ਉੱਚਾ ਚੁੱਕਣਾ ਹੈ ਤਾਂ ਸਾਨੂੰ ਵੇਦਾਂ ਵੱਲ ਵਾਪਸ ਜਾਣਾ ਪਵੇਗਾ। ਮਹਾਨ ਪੁਰਸ਼ ਜ਼ਿੰਦਗੀ ਵਿੱਚ ਠੰਢ ਨੂੰ ਨਿੱਘ ਪ੍ਰਦਾਨ ਕਰਦੇ ਹਨ। ਹਰ ਵਿਅਕਤੀ ਨੂੰ ਆਪਣੇ ਫਰਜ਼ ਯਾਦ ਰੱਖਣੇ ਚਾਹੀਦੇ ਹਨ। ਵੇਦਾਂ ਦਾ ਗਿਆਨ ਅਨੰਤ ਹੈ। ਇਸ ਨੂੰ ਪ੍ਰਾਪਤ ਕਰਨ ਲਈ ਮਨੁੱਖ ਨੂੰ ਸਖ਼ਤ ਮਿਹਨਤ ਕਰਨੀ ਪੈਂਦੀ ਹੈ। ਧਰਮ ਗ੍ਰੰਥ ਸਾਨੂੰ ਜ਼ਿੰਦਗੀ ਜਿਊਣ ਦਾ ਸਹੀ ਤਰੀਕਾ ਦੱਸਦੇ ਹਨ। ਉਸਨੇ ਔਰਤ ਨੂੰ ਯੱਗ ਦੀ ਜਾਣੀ ਕਿਹਾ ਹੈ। ਉਹ ਆਪਣੇ ਹੁਨਰ ਨਾਲ ਚਾਰੇ ਪਾਸੇ ਖੁਸ਼ਬੂ ਫੈਲਾਉਂਦੀ ਹੈ। ਮਹਾਰਿਸ਼ੀ ਦਯਾਨੰਦ ਸਰਸਵਤੀ ਨੇ ਮਨੁੱਖ ਨੂੰ ਮਨ, ਬਾਣੀ ਅਤੇ ਕਰਮ ਵਿੱਚ ਇੱਕ ਹੋਣ ਦਾ ਸੰਦੇਸ਼ ਦਿੱਤਾ ਹੈ। ਉਨ੍ਹਾਂ ਕਿਹਾ ਕਿ ਮਤੇ ਬਿਨਾਂ ਕਿਸੇ ਵਿਕਲਪ ਦੇ ਹੋਣੇ ਚਾਹੀਦੇ ਹਨ। ਸੱਚ ਦੇ ਰਸਤੇ ਤੇ ਚੱਲਣ ਵਾਲੇ ਵਿਅਕਤੀ ਦੀਆਂ ਸਾਰੀਆਂ ਸਮੱਸਿਆਵਾਂ ਦੂਰ ਹੋ ਜਾਂਦੀਆਂ ਹਨ। ਆਚਾਰੀਆ ਅੰਕਿਤ ਪ੍ਰਭਾਕਰ ਨੇ ਕਿਹਾ ਕਿ ਜੋ ਵੀ ਮਹਾਰਿਸ਼ੀ ਦਯਾਨੰਦ ਸਰਸਵਤੀ ਜੀ ਦੇ ਸੰਪਰਕ ਵਿੱਚ ਆਇਆ, ਉਹ ਪਾਰਸਮਨੀ (ਪਾਰਸਮਨੀ) ਵਾਂਗ ਪਵਿੱਤਰ ਹੋ ਗਏ। ਲਾਲਾ ਲਾਜਪਤ ਰਾਏ, ਵੀਰ ਸਾਵਰਕਰ, ਸਵਾਮੀ ਸ਼ਰਧਾਨੰਦ, ਗੁਰੂ ਦੱਤ ਵਿਦਿਆਰਥੀ ਆਦਿ ਵਰਗੇ ਅਣਗਿਣਤ ਮਹਾਂਪੁਰਖਾਂ ਨੇ ਉਨ੍ਹਾਂ ਦੇ ਸਿਧਾਂਤਾਂ ਅੱਗੇ ਝੁਕਿਆ। ਮਹਾਰਿਸ਼ੀ ਦਯਾਨੰਦ ਸਰਸਵਤੀ ਜੀ ਨੇ ਸਤਿਆਰਥ ਪ੍ਰਕਾਸ਼ ਰਾਹੀਂ ਪੂਰੀ ਦੁਨੀਆ ਦੀ ਮਾਨਵਤਾ ਦੇ ਸਾਹਮਣੇ ਵੇਦਾਂ ਦੀ ਜੋਤ ਜਗਾਈ। ਉਸਨੇ ਲੋਕਾਂ ਨੂੰ ਵੇਦਾਂ ਅਤੇ ਦੌਲਤ ਵਰਗੀ ਸੱਭਿਆਚਾਰ ਦੀ ਸੱਚੀ ਪਰਿਭਾਸ਼ਾ ਦਿੱਤੀ।



ਸੱਚਮੁੱਚ ਉਹ ਇੱਕ ਆਧੁਨਿਕ ਰਿਸ਼ੀ ਸੀ। ਉਸਦਾ ਹਰ ਵਿਚਾਰ ਗਿਆਨ ਨਾਲ ਭਰਪੂਰ ਅਤੇ ਦਿਲ ਨੂੰ ਛੂਹ ਲੈਣ ਵਾਲਾ ਸੀ। ਭਜਨ ਗਾਇਕ ਪੰਡਿਤ ਭੂਪੇਂਦਰ ਸਿੰਘ ਆਰੀਆ - ਭਰਤਪੁਰ, ਰਾਜਸਥਾਨ ਨੇ ਸੁਰੀਲੇ ਭਜਨ ਪੇਸ਼ ਕਰਦੇ ਹੋਏ ਕਿਹਾ - ਆਰੀਆ ਸਮਾਜ ਅਮਰ ਹੋਣਾ ਚਾਹੀਦਾ ਹੈ, ਦਯਾਨੰਦ ਦੇ ਸਿਪਾਹੀ ਉੱਠੋ, ਸਮਾਂ ਬੁਲਾ ਰਿਹਾ ਹੈ, ਆਦਿ, ਉਨ੍ਹਾਂ ਨੇ ਇਨ੍ਹਾਂ ਭਜਨਾਂ ਨਾਲ ਲੋਕਾਂ ਨੂੰ ਮੰਤਰਮੁਗਧ ਕਰ ਦਿੱਤਾ। ਲੋਕਾਂ ਨੇ ਭਜਨ ਤੇ ਬਹੁਤ ਤਾੜੀਆਂ ਵਜਾਈਆਂ। ਸ਼ੋਭਾ ਯਾਤਰਾ ਦੌਰਾਨ ਸੁੰਦਰ ਝਾਕੀਆਂ ਲਈ ਆਰੀਆ ਸਮਾਜ ਅਤੇ ਡੀਏਵੀ ਵਿਦਿਅਕ ਸੰਸਥਾਵਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਯੋਗਰਾਜ ਚੌਧਰੀ, ਪ੍ਰਕਾਸ਼ ਚੰਦਰ ਸ਼ਰਮਾ, ਡਾ. ਵਿਨੋਦ ਕੁਮਾਰ ਸ਼ਰਮਾ, ਡਾ. ਵੀ.ਬੀ. ਟੀ. ਮਲਿਕ, ਸੁਰੇਸ਼ ਕੁਮਾਰ, ਯੋਗੇਸ਼ ਮੋਹਨ ਪੰਕਜ, ਡਾ. ਸੁਨੀਲ ਕੁਮਾਰ, ਡਾ. ਰੋਜ਼ੀ ਸ਼ਰਮਾ, ਮੋਨਿਕਾ ਪਾਲੀਵਾਲ, ਜੋਤਿਕਾ ਆਹੂਜਾ, ਅਨੁਰਾਧਾ, ਅਸ਼ੋਕ ਆਰੀਆ ਵੀ ਮੌਜੂਦ ਸਨ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow!
150+ Placements
18+ MOUs with Industries
upto 100% Scholarship Schemes
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
64 YEARS EDUCATIONAL EXCELLENCE
MORE THAN
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING
HOTEL MANAGEMENT
MANAGEMENT & COMMERCE
DEGREE COURSES
PARAMEDICAL COURSES
POLYTECHNIC DIPLOMA
MEDIA & FASHION
INFORMATION TECHNOLOGY
LAW
TEACHER / PHYSICAL EDUCATION
NURSING TRAINING
ARCHITECTURE
INDUSTRIAL TRAINING INSTITUTE
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
www.stsoldiergroup.com